Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More Info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 140 Chief Editor : Chowdhary Prabhjit Singh, Editor : Chhatarpal Singh 98146-32807, Thursday 19 November 2026 Price : 2 Rs. Page : 6

ਜਿੰਨਾ ਚਿਰ ਪੰਜਾਬ ਵਿੱਚ 'ਆਪ' ਦੀ ਸਰਕਾਰ ਰਹੇਗੀ, ਭਲਾਈ ਸਕੀਮਾਂ ਜਾਰੀ ਰਹਿਣਗੀਆਂ : ਭਗਵੰਤ ਮਾਨ

ਸ਼ਾਹਕੋਟ (ਜਲੰਧਰ), 18 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਦੁਹਰਾਇਆ ਕਿ ਜਿੰਨਾ ਚਿਰ ਪੰਜਾਬ ਵਿੱਚ ਆਮ ਆਦਮੀ ਪਾਰਟੀ (ਆਪ) ਦੀ ਸਰਕਾਰ ਸੱਤਾ ਵਿੱਚ ਰਹੇਗੀ, ਓਨਾ ਸਮਾਂ ਔਰਤਾਂ ਲਈ ਮੁਫ਼ਤ ਬੱਸ ਸਫ਼ਰ ਅਤੇ 1,000 ਰੁਪਏ ਮਹੀਨਾਵਾਰ ਵਿੱਤੀ ਸਹਾਇਤਾ, 10 ਲੱਖ ਰੁਪਏ ਦਾ ਸਿਹਤ ਬੀਮਾ ਅਤੇ ਮੁਫ਼ਤ ਬਿਜਲੀ ਸਮੇਤ ਸਾਰੀਆਂ ਲੋਕ ਭਲਾਈ ਗਾਰੰਟੀਆਂ ਜਾਰੀ ਰਹਿਣਗੀਆਂ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਲੋਕ ਭਲਾਈ ਤੇ ਵਿਕਾਸ ਉਨ੍ਹਾਂ ਦੀ ਸਰਕਾਰ ਦੀਆਂ ਮੁੱਖ ਤਰਜੀਹਾਂ ਹਨ।

ਜਲੰਧਰ ਦੇ ਪਿੰਡ ਦੋਨੇਵਾਲ ਵਿਖੇ 'ਲੋਕ ਮਿਲਣੀ' ਪ੍ਰੋਗਰਾਮ ਦੌਰਾਨ ਲੋਕਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਭਾਜਪਾ, ਕਾਂਗਰਸ ਅਤੇ ਅਕਾਲੀ ਦਲ ਨੂੰ ਪੰਜਾਬ ਵਿੱਚ ਉਨ੍ਹਾਂ ਦੇ ਕਾਰਜਕਾਲ ਨੂੰ ਲੈ ਕੇ ਚੁਣੌਤੀ ਦਿੰਦਿਆਂ ਕਿਹਾ ਕਿ ਜਿਨ੍ਹਾਂ ਪਾਰਟੀਆਂ ਨੇ ਦਹਾਕਿਆਂ ਤੱਕ ਸੂਬੇ 'ਤੇ ਰਾਜ ਕੀਤਾ ਅਤੇ ਜਿਨ੍ਹਾਂ ਦੇ ਰਾਜ ਵਿੱਚ ਨਸ਼ਿਆਂ ਦਾ ਕਾਰੋਬਾਰ ਫੈਲਿਆ, ਉਹੀ ਪਾਰਟੀਆਂ ਹੁਣ ਬਦਲਾਅ ਦੇ ਵਾਅਦੇ ਕਰ ਰਹੀਆਂ ਹਨ। ਪਾਰਦਰਸ਼ੀ ਸਰਕਾਰੀ ਭਰਤੀ, ਭਲਾਈ ਪਹਿਲਕਦਮੀਆਂ ਅਤੇ ਚੱਲ ਰਹੇ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਤਰੱਕੀ ਦੇ ਰਾਹ 'ਤੇ ਤੁਰ ਪਿਆ ਹੈ ਅਤੇ ਉਨ੍ਹਾਂ ਨੇ ਲੋਕਾਂ ਨੂੰ ਇਸ ਰਫ਼ਤਾਰ ਨੂੰ ਆਪਸ ਵਿੱਚ ਰਲ-ਮਿਲ ਕੇ ਤੇਜ਼ ਕਰਨ ਦਾ ਸੱਦਾ ਦਿੱਤਾ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਸਾਲਾਂ ਤੱਕ ਸੂਬੇ ਦੀ ਲੁੱਟ ਕੀਤੀ ਹੈ, ਉਨ੍ਹਾਂ ਨੂੰ ਆਉਣ ਵਾਲੀਆਂ ਚੋਣਾਂ ਵਿੱਚ ਲੋਕਾਂ ਦੇ ਸਵਾਲਾਂ ਦਾ ਸਾਹਮਣਾ ਕਰਨਾ ਪਵੇਗਾ।

'ਲੋਕ ਮਿਲਣੀ' ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਨ੍ਹਾਂ ਪਾਰਟੀਆਂ ਨੇ ਆਪਣੇ ਰਾਜ ਦੌਰਾਨ ਸੂਬੇ ਅਤੇ ਇਸ ਦੇ ਵਸੀਲਿਆਂ ਨੂੰ ਅੰਗਰੇਜ਼ਾਂ ਨਾਲੋਂ ਵੀ ਵੱਧ ਬੇਰਹਿਮੀ ਨਾਲ ਲੁੱਟਿਆ ਹੈ। ਇਹ ਆਪਣੇ ਪਾਪਾਂ ਲਈ ਕਿਸੇ ਰਹਿਮ ਦੇ ਹੱਕਦਾਰ ਨਹੀਂ ਹਨ ਕਿਉਂਕਿ ਇਨ੍ਹਾਂ ਨੇ ਸੂਬੇ ਅਤੇ ਇਸ ਦੇ ਲੋਕਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ, ਜੋ ਕਿ ਨਾ-ਮੁਆਫ਼ੀਯੋਗ ਅਪਰਾਧ ਹੈ। ਅਕਾਲੀਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦਾ ਪਾਪ ਕੀਤਾ ਸੀ ਅਤੇ ਬਦਕਿਸਮਤੀ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਨ੍ਹਾਂ ਦੇ ਹੱਥਾਂ ਦੀ ਕਠਪੁਤਲੀ ਤੋਂ ਵੱਧ ਕੁਝ ਨਹੀਂ ਹੈ।

ਮੁੱਖ ਮੰਤਰੀ ਨੇ ਕਿਹਾ, ਹਰ ਕੋਈ ਜਾਣਦਾ ਹੈ ਕਿ ਅਕਾਲੀਆਂ ਦਾ ਇੱਕ ਪਰਿਵਾਰ ਅੰਗਰੇਜ਼ਾਂ ਦਾ ਪਿੱਠੂ ਸੀ ਅਤੇ ਦੇਸ਼ ਲਈ ਲੜਨ ਵਾਲੇ ਦੇਸ਼ ਭਗਤਾਂ ਵਿਰੁੱਧ ਅੰਗਰੇਜ਼ਾਂ ਨਾਲ ਸਾਂਝ-ਭਿਆਲੀ ਪਾਉਣ ਬਦਲੇ ਉਨ੍ਹਾਂ ਨੂੰ 'ਸਰ' ਦੇ ਖ਼ਿਤਾਬ ਨਾਲ ਨਿਵਾਜਿਆ ਗਿਆ ਸੀ। ਇਸ ਪਰਿਵਾਰ ਨੇ 13 ਅਪ੍ਰੈਲ, 1919 ਨੂੰ ਜਲ੍ਹਿਆਂਵਾਲਾ ਬਾਗ਼ ਦੇ ਸਾਕੇ ਦੇ ਮੁੱਖ ਦੋਸ਼ੀ ਜਨਰਲ ਡਾਇਰ ਨੂੰ ਇਸ ਘਿਨਾਉਣੇ ਕਾਂਡ ਤੋਂ ਬਾਅਦ ਰਾਤ ਦੇ ਖਾਣੇ ਦੀ ਮੇਜ਼ਬਾਨੀ ਕਰਕੇ ਸਨਮਾਨਿਤ ਕੀਤਾ ਸੀ। ਇਸ ਕਾਰਵਾਈ ਨੇ ਉਨ੍ਹਾਂ ਦੀ ਦੇਸ਼ ਵਿਰੋਧੀ ਅਤੇ ਪੰਜਾਬ ਵਿਰੋਧੀ ਮਾਨਸਿਕਤਾ ਅਤੇ ਕਿਰਦਾਰ ਨੂੰ ਬੇਨਕਾਬ ਕਰ ਦਿੱਤਾ ਸੀ। ਇਸ ਪਰਿਵਾਰ ਨੇ ਉਨ੍ਹਾਂ ਲੱਖਾਂ ਆਜ਼ਾਦੀ ਘੁਲਾਟੀਆਂ ਨਾਲ ਗੱਦਾਰੀ ਕੀਤੀ ਸੀ, ਜੋ ਅੰਗਰੇਜ਼ਾਂ ਵਿਰੁੱਧ ਡਟੇ ਹੋਏ ਸਨ।

ਉਨ੍ਹਾਂ ਨੇ ਨਿਸ਼ਾਨਾ ਸਾਧਦਿਆਂ ਕਿਹਾ, ਇੰਨਾ ਹੀ ਨਹੀਂ, ਇਸ ਪਰਿਵਾਰ ਨੇ ਇਹ ਵੀ ਯਕੀਨੀ ਬਣਾਇਆ ਕਿ ਸ੍ਰੀ ਦਰਬਾਰ ਸਾਹਿਬ ਵਿਖੇ ਜਨਰਲ ਡਾਇਰ ਨੂੰ ਸਿਰੋਪਾਓ ਅਤੇ ਮੁਆਫ਼ੀ ਦਿੱਤੀ ਜਾਵੇ। ਦੂਜੇ ਪਾਸੇ ਉਹ ਪਾਰਟੀ ਹੈ ਜਿਸ ਨੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਟੈਂਕ ਚਾੜ੍ਹੇ ਸਨ ਅਤੇ ਦੇਸ਼ ਦੇ ਕਈ ਹਿੱਸਿਆਂ ਵਿੱਚ ਬੇਗੁਨਾਹ ਸਿੱਖਾਂ ਦਾ ਕਤਲੇਆਮ ਕੀਤਾ ਸੀ। ਵਿਰੋਧੀ ਪਾਰਟੀਆਂ ਸੂਬਾ ਸਰਕਾਰ ਵੱਲੋਂ ਆਮ ਲੋਕਾਂ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਤੋਂ ਸਾੜਾ ਕਰਦੀਆਂ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਵਿਰੋਧੀ ਧਿਰ ਦੇ ਆਗੂ ਆਪਸ ਵਿੱਚ ਮਿਲੇ ਹੋਏ ਹਨ ਅਤੇ ਸੱਤਾ ਵਿੱਚ ਰਹਿੰਦਿਆਂ ਇੱਕ-ਦੂਜੇ ਦੇ ਹਿੱਤਾਂ ਦੀ ਰਾਖੀ ਲਈ 'ਉੱਤਰ ਕਾਟੇ, ਮੈਂ ਚੜ੍ਹਾਂ' ਵਾਂਗ ਵਾਰੋ-ਵਾਰੀ ਸੱਤਾ ਭੋਗਣ ਦੀ ਖੇਡ ਖੇਡਦੇ ਹਨ। 'ਆਪ' ਸਰਕਾਰ ਨੇ ਉਨ੍ਹਾਂ ਨੂੰ ਸੱਤਾ ਤੋਂ ਲਾਂਭੇ ਕਰਕੇ ਉਨ੍ਹਾਂ ਦੀ ਸਾਰੀ ਖੇਡ ਵਿਗਾੜ ਦਿੱਤੀ ਹੈ ਅਤੇ ਆਮ ਆਦਮੀ ਦੀਆਂ ਉਮੀਦਾਂ ਨੂੰ ਪੂਰਾ ਕੀਤਾ ਹੈ। ਉਨ੍ਹਾਂ ਕਿਹਾ, ਅਕਾਲੀਆਂ 'ਤੇ ਪੀੜ੍ਹੀਆਂ ਦੀ ਨਸਲਕੁਸ਼ੀ ਦਾ ਮਾਮਲਾ ਦਰਜ ਹੋਣਾ ਚਾਹੀਦਾ ਹੈ ਕਿਉਂਕਿ ਉਨ੍ਹਾਂ ਵੱਲੋਂ ਨਸ਼ੇ ਦੇ ਵਪਾਰ ਨੂੰ ਸਰਪ੍ਰਸਤੀ ਦਿੱਤੀ ਗਈ ਅਤੇ ਉਨ੍ਹਾਂ ਦੇ ਲੰਬੇ ਕੁਸ਼ਾਸਨ ਦੌਰਾਨ ਇਹ ਵਪਾਰ ਖੂਬ ਵਧਿਆ-ਫੁੱਲਿਆ। ਇਨ੍ਹਾਂ ਆਗੂਆਂ ਦੇ ਹੱਥ ਉਨ੍ਹਾਂ ਲੱਖਾਂ ਨੌਜਵਾਨਾਂ ਦੇ ਖ਼ੂਨ ਨਾਲ ਰੰਗੇ ਹੋਏ ਹਨ, ਜੋ ਇਨ੍ਹਾਂ ਦੀਆਂ ਸਰਕਾਰੀ ਗੱਡੀਆਂ ਵਿੱਚ ਸੂਬੇ ਅੰਦਰ ਸਪਲਾਈ ਕੀਤੇ ਗਏ ਨਸ਼ਿਆਂ ਦਾ ਸ਼ਿਕਾਰ ਹੋਏ। ਇਨ੍ਹਾਂ ਆਗੂਆਂ ਦੇ ਪਾਪ ਨਾ-ਮੁਆਫ਼ੀਯੋਗ ਹਨ ਅਤੇ ਲੋਕ ਉਨ੍ਹਾਂ ਦੇ ਘਿਨਾਉਣੇ ਜੁਰਮਾਂ ਦੀ ਲੰਬੀ ਦਾਸਤਾਨ ਲਈ ਉਨ੍ਹਾਂ ਨੂੰ ਕਦੇ ਵੀ ਮੁਆਫ਼ ਨਹੀਂ ਕਰ ਸਕਦੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ, ਅਕਾਲੀ ਲੀਡਰਸ਼ਿਪ ਨੇ ਆਪਣੇ ਕਾਰਜਕਾਲ ਦੌਰਾਨ ਟਰਾਂਸਪੋਰਟ, ਕੇਬਲ, ਮਾਈਨਿੰਗ ਅਤੇ ਢਾਬਿਆਂ ਸਮੇਤ ਕਈ ਮੁਨਾਫ਼ੇ ਵਾਲੇ ਕਾਰੋਬਾਰਾਂ 'ਤੇ ਕਬਜ਼ਾ ਕਰ ਲਿਆ ਸੀ ਅਤੇ ਨਿੱਜੀ ਮੁਫ਼ਾਦਾਂ ਲਈ ਸੂਬੇ ਦੇ ਵਸੀਲਿਆਂ ਦੀ ਦੁਰਵਰਤੋਂ ਕੀਤੀ ਸੀ। ਜਿਨ੍ਹਾਂ ਨੇ ਸਾਲਾਂ ਤੱਕ ਪੰਜਾਬ ਨੂੰ ਲੁੱਟਿਆ, ਉਹ ਹੁਣ ਇਮਾਨਦਾਰੀ ਦੇ ਉਪਦੇਸ਼ ਦੇ ਰਹੇ ਹਨ, ਪਰ ਸੂਬੇ ਦੇ ਲੋਕ ਇਹ ਨਹੀਂ ਭੁੱਲੇ ਕਿ ਕਿਵੇਂ ਇਨ੍ਹਾਂ ਆਗੂਆਂ ਨੇ ਉਨ੍ਹਾਂ ਦੇ ਭਰੋਸੇ ਦਾ ਕਤਲ ਕੀਤਾ ਅਤੇ ਆਪਣੇ ਸੌੜੇ ਹਿੱਤਾਂ ਲਈ ਆਉਣ ਵਾਲੀਆਂ ਪੀੜ੍ਹੀਆਂ ਦਾ ਭਵਿੱਖ ਗਹਿਣੇ ਰੱਖ ਦਿੱਤਾ। ਅਕਾਲੀ ਦਲ ਦੇ ਆਗੂਆਂ ਨੇ ਕਦੇ ਦਾਅਵਾ ਕੀਤਾ ਸੀ ਕਿ ਉਹ 25 ਸਾਲ ਪੰਜਾਬ 'ਤੇ ਰਾਜ ਕਰਨਗੇ, ਪਰ ਅੱਜ ਪਾਰਟੀ ਨੂੰ 25 ਭਰੋਸੇਮੰਦ ਆਗੂ ਲੱਭਣੇ ਵੀ ਔਖੇ ਹੋ ਰਹੇ ਹਨ।

ਮੁੱਖ ਮੰਤਰੀ ਨੇ ਦ੍ਰਿੜ੍ਹਤਾ ਨਾਲ ਕਿਹਾ, ਵਿਰੋਧੀ ਧਿਰ ਇਸ ਗੱਲੋਂ ਨਿਰਾਸ਼ ਹੈ ਕਿਉਂਕਿ ਰਵਾਇਤੀ ਸਿਆਸੀ ਪਾਰਟੀਆਂ ਇਸ ਸਚਾਈ ਨੂੰ ਹਜ਼ਮ ਨਹੀਂ ਕਰ ਪਾ ਰਹੀਆਂ ਕਿ ਬਿਨਾਂ ਕਿਸੇ ਸਿਆਸੀ ਖ਼ਾਨਦਾਨ ਜਾਂ ਵਿਰਾਸਤੀ ਤਾਕਤ ਵਾਲਾ ਇੱਕ ਆਮ ਵਿਅਕਤੀ, ਪੰਜਾਬ ਦੇ ਆਮ ਲੋਕਾਂ ਲਈ ਕੰਮ ਕਰ ਰਿਹਾ ਹੈ।

ਨਿਤਿਨ ਨਬੀਨ ਨੇ 'ਸਮਰਸਤਾ ਸੰਕਲਪ ਯਾਤਰਾ' ਨੂੰ ਦਿੱਤੀ ਹਰੀ ਝੰਡੀ, ਨਸ਼ਿਆਂ ਤੇ ਬੇਰੁਜ਼ਗਾਰੀ ਦੇ ਮੁੱਦੇ 'ਤੇ ਮੁੱਖ ਮੰਤਰੀ ਮਾਨ ਨੂੰ ਘੇਰਿਆ

ਜਲੰਧਰ, 18 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਨੇ ਬੁੱਧਵਾਰ ਨੂੰ ਸੱਤਾਧਾਰੀ ਆਮ ਆਦਮੀ ਪਾਰਟੀ ('ਆਪ') 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਪੰਜਾਬ ਦੇ ਵੋਟਰਾਂ ਨੇ ਸੂਬੇ ਵਿੱਚ 'ਬਦਲਾਅ' ਲਿਆਉਣ ਲਈ 'ਆਪ' ਨੂੰ ਸੱਤਾ ਸੌਂਪੀ ਸੀ, ਪਰ ਸਕਾਰਾਤਮਕ ਤਬਦੀਲੀ ਸਿਰਫ਼ ਪਾਰਟੀ ਕਨਵੀਨਰ ਅਰਵਿੰਦ ਕੇਜਰੀਵਾਲ ਲਈ ਹੀ ਆਈ ਹੈ। ਜਲੰਧਰ-ਪਠਾਨਕੋਟ ਮਾਰਗ 'ਤੇ ਡੇਰਾ ਸੱਚਖੰਡ ਬੱਲਾਂ ਨਾਲ ਲੱਗਦੇ ਪਿੰਡ ਰਾਏਪੁਰ-ਰਸੂਲਪੁਰ ਵਿਖੇ ਇਕ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਸਿੱਧੇ ਨਿਸ਼ਾਨੇ 'ਤੇ ਲਿਆ। ਇਹ ਰੈਲੀ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜਲੰਧਰ ਤੋਂ ਵਾਰਾਣਸੀ (ਕਾਸ਼ੀ) ਤੱਕ ਕੱਢੀ ਜਾਣ ਵਾਲੀ 'ਸਮਰਸਤਾ ਸੰਕਲਪ ਯਾਤਰਾ' ਨੂੰ ਹਰੀ ਝੰਡੀ ਦਿਖਾਉਣ ਤੋਂ ਪਹਿਲਾਂ ਰੱਖੀ ਗਈ ਸੀ।

ਮੁੱਖ ਮੰਤਰੀ ਭਗਵੰਤ ਮਾਨ 'ਤੇ ਨਿਸ਼ਾਨਾ ਸੇਧਦਿਆਂ ਕਿਹਾ ਕਿ ਨਬੀਨ ਨੇ ਕਿਹਾ ਕਿ ਹੁਣ ਸੂਬੇ ਦੇ ਨੌਜਵਾਨਾਂ ਨੂੰ ਹੋਰ ਗੁੰਮਰਾਹ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਦੇ ਰਾਜ ਵਿੱਚ ਪੰਜਾਬ ਦੀ ਨੌਜਵਾਨੀ ਨਸ਼ਿਆਂ ਅਤੇ ਬੇਰੁਜ਼ਗਾਰੀ ਦੀ ਮਾਰ ਝੱਲ ਰਹੀ ਹੈ, ਜਿਸ ਕਾਰਨ ਨੌਜਵਾਨਾਂ ਨੂੰ ਮਜਬੂਰਨ ਪਰਵਾਸ ਕਰਨਾ ਪੈ ਰਿਹਾ ਹੈ। ਉਨ੍ਹਾਂ ਮੁੱਖ ਮੰਤਰੀ ਨੂੰ ਸਵਾਲ ਕਰਦਿਆਂ ਪੁੱਛਿਆ ਕਿ ਉਹ ਕਿਹੜੇ ਨੌਜਵਾਨ ਹਨ, ਜਿਨ੍ਹਾਂ ਨੂੰ ਸਰਕਾਰ ਕਰੋੜਪਤੀ ਬਣਾਉਣਾ ਚਾਹੁੰਦੀ ਹੈ? ਆਪਣੇ ਭਾਸ਼ਣ ਦੌਰਾਨ ਉਨ੍ਹਾਂ ਕਾਂਗਰਸੀ ਆਗੂ ਰਾਹੁਲ ਗਾਂਧੀ 'ਤੇ ਵੀ ਵਰ੍ਹਦਿਆਂ ਕਿਹਾ ਕਿ ਉਹ ਦੇਸ਼ ਵਿੱਚ ਸਿਰਫ਼ ਅਰਾਜਕਤਾ (ਅਸ਼ਾਂਤੀ) ਫੈਲਾਉਣਾ ਚਾਹੁੰਦੇ ਹਨ। ਭਾਜਪਾ ਪ੍ਰਧਾਨ ਨੇ ਕਿਹਾ ਕਿ 'ਵਿਕਸਿਤ ਭਾਰਤ' ਤੋਂ ਪਹਿਲਾਂ 'ਵਿਕਸਿਤ ਪੰਜਾਬ' ਦਾ ਹੋਣਾ ਬੇਹੱਦ ਜ਼ਰੂਰੀ ਹੈ, ਜਿਸ ਲਈ ਉਨ੍ਹਾਂ ਲੋਕਾਂ ਤੋਂ ਭਰਪੂਰ ਸਹਿਯੋਗ ਦੀ ਅਪੀਲ ਕੀਤੀ। ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਨੇ ਬੁੱਧਵਾਰ ਨੂੰ ਸੱਤਾਧਾਰੀ ਆਮ ਆਦਮੀ ਪਾਰਟੀ ('ਆਪ') 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਪੰਜਾਬ ਦੇ ਵੋਟਰਾਂ ਨੇ ਸੂਬੇ ਵਿੱਚ 'ਬਦਲਾਅ' ਲਿਆਉਣ ਲਈ 'ਆਪ' ਨੂੰ ਸੱਤਾ ਸੌਂਪੀ ਸੀ, ਪਰ ਸਕਾਰਾਤਮਕ ਤਬਦੀਲੀ ਸਿਰਫ਼ ਪਾਰਟੀ ਕਨਵੀਨਰ ਅਰਵਿੰਦ ਕੇਜਰੀਵਾਲ ਲਈ ਹੀ ਆਈ ਹੈ। ਜਲੰਧਰ-ਪਠਾਨਕੋਟ ਮਾਰਗ 'ਤੇ ਡੇਰਾ ਸੱਚਖੰਡ ਬੱਲਾਂ ਨਾਲ ਲੱਗਦੇ ਪਿੰਡ ਰਾਏਪੁਰ-ਰਸੂਲਪੁਰ ਵਿਖੇ ਇਕ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਸਿੱਧੇ ਨਿਸ਼ਾਨੇ 'ਤੇ ਲਿਆ। ਇਹ ਰੈਲੀ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜਲੰਧਰ ਤੋਂ ਵਾਰਾਣਸੀ (ਕਾਸ਼ੀ) ਤੱਕ ਕੱਢੀ ਜਾਣ ਵਾਲੀ 'ਸਮਰਸਤਾ ਸੰਕਲਪ ਯਾਤਰਾ' ਨੂੰ ਹਰੀ ਝੰਡੀ ਦਿਖਾਉਣ ਤੋਂ ਪਹਿਲਾਂ ਰੱਖੀ ਗਈ ਸੀ। ਮੁੱਖ ਮੰਤਰੀ ਭਗਵੰਤ ਮਾਨ ਨੂੰ ਲੰਮੇ ਹੱਥੀਂ ਲੈਂਦਿਆਂ ਨਬੀਨ ਨੇ ਕਿਹਾ ਕਿ ਹੁਣ ਸੂਬੇ ਦੇ ਨੌਜਵਾਨਾਂ ਨੂੰ ਹੋਰ ਗੁੰਮਰਾਹ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਦੇ ਰਾਜ ਵਿੱਚ ਪੰਜਾਬ ਦੀ ਨੌਜਵਾਨੀ ਨਸ਼ਿਆਂ ਅਤੇ ਬੇਰੁਜ਼ਗਾਰੀ ਦੀ ਮਾਰ ਝੱਲ ਰਹੀ ਹੈ, ਜਿਸ ਕਾਰਨ ਨੌਜਵਾਨਾਂ ਨੂੰ ਮਜਬੂਰਨ ਪਰਵਾਸ ਕਰਨਾ ਪੈ ਰਿਹਾ ਹੈ।

ਨਿਤਿਨ ਨਬੀਨ ਨੇ ਰਾਹੁਲ ਗਾਂਧੀ 'ਤੇ ਸੇਧਿਆ ਨਿਸ਼ਾਨਾ

ਨਬੀਨ ਨੇ ਕਾਂਗਰਸ ਆਗੂ ਰਾਹੁਲ ਗਾਂਧੀ 'ਤੇ ਵੀ ਨਿਸ਼ਾਨਾ ਸੇਧਦਿਆਂ ਉਨ੍ਹਾਂ 'ਤੇ ਅਸ਼ਾਂਤੀ ਫੈਲਾਉਣ ਦੀ ਕੋਸ਼ਿਸ਼ ਕਰਨ ਦਾ ਦੋਸ਼ ਲਾਇਆ।

'ਬਦਲਾਅ' ਸਿਰਫ਼ ਅਰਵਿੰਦ ਕੇਜਰੀਵਾਲ ਲਈ ਆਇਆ: ਨਿਤਿਨ ਨਬੀਨ

ਇਕੱਠ ਨੂੰ ਸੰਬੋਧਨ ਕਰਦਿਆਂ ਨਬੀਨ ਨੇ ਕਿਹਾ ਕਿ ਲੋਕਾਂ ਨੇ 'ਬਦਲਾਅ' ਲਈ 'ਆਪ' ਨੂੰ ਸੱਤਾ ਸੌਂਪੀ ਸੀ, ਪਰ ਸਕਾਰਾਤਮਕ ਤਬਦੀਲੀ ਸਿਰਫ਼ ਅਰਵਿੰਦ ਕੇਜਰੀਵਾਲ ਲਈ ਹੀ ਆਈ ਹੈ। ਉਨ੍ਹਾਂ ਦੋਸ਼ ਲਾਇਆ ਕਿ ਮਾਨ ਸਰਕਾਰ ਦੇ ਸੂਬੇ ਵਿੱਚ ਪੰਜਾਬ ਦੀ ਨੌਜਵਾਨੀ ਨਸ਼ਿਆਂ ਅਤੇ ਬੇਰੁਜ਼ਗਾਰੀ ਦੀ ਮਾਰ ਹੇਠ ਆਈ ਹੈ ਅਤੇ ਨੌਜਵਾਨਾਂ ਨੂੰ ਮਜਬੂਰਨ ਪਰਵਾਸ ਕਰਨਾ ਪਿਆ ਹੈ। ਨਬੀਨ ਨੇ ਪਿੰਡ ਰਾਏਪੁਰ ਤੋਂ 16 ਦਿਨਾਂ ਯਾਤਰਾ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜਲੰਧਰ ਤੋਂ ਵਾਰਾਣਸੀ (ਕਾਸ਼ੀ) ਤੱਕ ਕੱਢੀ ਜਾਣ ਵਾਲੀ 'ਸਮਰਸਤਾ ਸੰਕਲਪ ਯਾਤਰਾ' ਨੂੰ ਹਰੀ ਝੰਡੀ ਦਿਖਾਉਣ ਤੋਂ ਪਹਿਲਾਂ ਰੱਖੀ ਗਈ ਸੀ। ਮੁੱਖ ਮੰਤਰੀ ਭਗਵੰਤ ਮਾਨ ਨੂੰ ਲੰਮੇ ਹੱਥੀਂ ਲੈਂਦਿਆਂ ਨਬੀਨ ਨੇ ਕਿਹਾ ਕਿ ਹੁਣ ਸੂਬੇ ਦੇ ਨੌਜਵਾਨਾਂ ਨੂੰ ਹੋਰ ਗੁੰਮਰਾਹ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਦੇ ਰਾਜ ਵਿੱਚ ਪੰਜਾਬ ਦੀ ਨੌਜਵਾਨੀ ਨਸ਼ਿਆਂ ਅਤੇ ਬੇਰੁਜ਼ਗਾਰੀ ਦੀ ਮਾਰ ਝੱਲ ਰਹੀ ਹੈ, ਜਿਸ ਕਾਰਨ ਨੌਜਵਾਨਾਂ ਨੂੰ ਮਜਬੂਰਨ ਪਰਵਾਸ ਕਰਨਾ ਪੈ ਰਿਹਾ ਹੈ।

ਨਬੀਨ ਨੇ ਕਾਂਗਰਸ ਆਗੂ ਰਾਹੁਲ ਗਾਂਧੀ 'ਤੇ ਵੀ ਨਿਸ਼ਾਨਾ ਸੇਧਦਿਆਂ ਉਨ੍ਹਾਂ 'ਤੇ ਅਸ਼ਾਂਤੀ ਫੈਲਾਉਣ ਦੀ ਕੋਸ਼ਿਸ਼ ਕਰਨ ਦਾ ਦੋਸ਼ ਲਾਇਆ।

'ਬਦਲਾਅ' ਸਿਰਫ਼ ਅਰਵਿੰਦ ਕੇਜਰੀਵਾਲ ਲਈ ਆਇਆ: ਨਿਤਿਨ ਨਬੀਨ

ਇਕੱਠ ਨੂੰ ਸੰਬੋਧਨ ਕਰਦਿਆਂ ਨਬ

ਸੰਪਾਦਕੀ

ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਤੇਜ਼ੀ ਨਾਲ ਵਧ ਰਹੇ ਰੁਝਾਨ

ਮਸਨੂਈ ਬੁੱਧੀ ਯਾਨੀ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਤੇਜ਼ੀ ਨਾਲ ਵਧ ਰਹੇ ਰੁਝਾਨ ਕਾਰਨ ਡੇਟਾ ਸੈਂਟਰਾਂ ਦਾ ਹੋ ਰਿਹਾ ਤੇਜ਼ੀ ਨਾਲ ਵਿਸਥਾਰ ਵੱਡੇ ਆਰਥਿਕ ਮੌਕੇ ਲੈ ਕੇ ਆ ਰਿਹਾ ਹੈ। ਹਾਲਾਂਕਿ ਅਮਰੀਕਾ, ਯੂਰੋਪ ਅਤੇ ਭਾਰਤ ਵਿੱਚ ਇਸ ਦਾ ਵਧ ਰਿਹਾ ਵਿਰੋਧ ਇੱਕ ਅਹਿਮ ਚੇਤਾਵਨੀ ਹੈ ਕਿ ਤਕਨੀਕੀ ਤਰੱਕੀ ਲੋਕਾਂ ਅਤੇ ਵਾਤਾਵਰਣ ਦੀ ਕੀਮਤ 'ਤੇ ਨਹੀਂ ਹੋਣੀ ਚਾਹੀਦੀ। ਅਮਰੀਕਾ ਦੀਆਂ ਹਾਲੀਆ ਮੱਧਕਾਲੀ ਚੋਣਾਂ ਨੇ ਡੇਟਾ ਸੈਂਟਰ ਪ੍ਰੋਜੈਕਟਾਂ ਪ੍ਰਤੀ ਲੋਕਾਂ ਦੇ ਰੋਹ ਨੂੰ ਸਾਹਮਣੇ ਲਿਆਂਦਾ ਹੈ, ਖ਼ਾਸ ਕਰਕੇ ਇਨ੍ਹਾਂ ਲਈ ਬਿਜਲੀ ਦੀ ਭਾਰੀ ਲੋੜ, ਪਾਣੀ ਦੀ ਵੱਡੀ ਖਪਤ ਅਤੇ ਸਥਾਨਕ ਸਾਧਨਾਂ 'ਤੇ ਪੈ ਰਹੇ ਮਾੜੇ ਪ੍ਰਭਾਵ ਕਾਰਨ। ਟੈਕਸਾਸ ਵਿੱਚ ਪਾਣੀ ਦੇ ਘਟ ਰਹੇ ਭੰਡਾਰਾਂ ਨੂੰ ਲੈ ਕੇ ਕਿਸਾਨਾਂ ਦੀਆਂ ਚਿੰਤਾਵਾਂ ਇੱਕ ਵੱਡਾ ਸਿਆਸੀ ਮੁੱਦਾ ਬਣ ਗਈਆਂ ਹਨ। ਅਮਰੀਕਾ ਦੇ ਕਈ ਸੂਬਿਆਂ ਵਿੱਚ ਦਿਖਾਈ ਦੇ ਰਿਹਾ ਅਜਿਹਾ ਵਿਰੋਧ ਇਹ ਸਪੱਸ਼ਟ ਕਰਦਾ ਹੈ ਕਿ ਲੋਕ ਹੁਣ ਉਨ੍ਹਾਂ ਫ਼ੈਸਲਿਆਂ ਵਿੱਚ ਆਪਣੀ ਅਹਿਮ ਭਾਗੀਦਾਰੀ ਚਾਹੁੰਦੇ ਹਨ, ਜੋ ਸਿੱਧੇ ਤੌਰ 'ਤੇ ਉਨ੍ਹਾਂ ਦੇ ਜੀਵਨ ਨੂੰ ਪ੍ਰਭਾਵਿਤ ਕਰਦੇ ਹਨ।

ਭਾਰਤ ਵਿੱਚ, ਮਹਾਰਾਸ਼ਟਰ, ਆਂਧਰਾ ਪ੍ਰਦੇਸ਼ ਅਤੇ ਤੇਲੰਗਾਨਾ ਵਰਗੇ ਸੂਬੇ ਇਸ ਸਮੇਂ ਇੱਕ ਫ਼ੈਸਲਾਕੁੰਨ ਮੋੜ 'ਤੇ ਖੜ੍ਹੇ ਹਨ। ਵੱਡੀਆਂ ਨਿਵੇਸ਼ ਮੁਹਿੰਮਾਂ, ਜਿਨ੍ਹਾਂ ਵਿੱਚ ਡੇਟਾ ਸੈਂਟਰਾਂ ਦੇ ਵੱਡੇ ਪ੍ਰਸਤਾਵ ਵੀ ਸ਼ਾਮਲ ਹਨ, ਡਿਜੀਟਲ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰ ਸਕਦੀਆਂ ਹਨ ਅਤੇ ਰੁਜ਼ਗਾਰ ਦੇ ਮੌਕੇ ਪੈਦਾ ਕਰ ਸਕਦੀਆਂ ਹਨ। ਇਸ ਦੇ ਨਾਲ ਹੀ, ਕੰਪਨੀਆਂ ਨੂੰ ਕੁਦਰਤੀ ਸਾਧਨਾਂ ਦੀ ਸੰਭਾਲ ਲਈ ਜ਼ਿੰਮੇਵਾਰਾਨਾ ਤਰੀਕਿਆਂ ਨੂੰ ਪਹਿਲ ਦੇਣੀ ਚਾਹੀਦੀ ਹੈ। ਹਰੇਕ ਡੇਟਾ ਸੈਂਟਰ ਪ੍ਰੋਜੈਕਟ ਨੂੰ ਤਿੰਨ ਬੁਨਿਆਦੀ ਪੱਖਾਂ (ਕਾਰੋਬਾਰ, ਸਮਾਜ ਅਤੇ ਵਾਤਾਵਰਣ) ਵਿੱਚ ਸੰਤੁਲਨ ਬਣਾ ਕੇ ਰੱਖਣ ਦੀ ਲੋੜ ਹੈ। ਕੰਪਨੀਆਂ ਨੂੰ ਊਰਜਾ-ਕੁਸ਼ਲ ਤਕਨਾਲੋਜੀਆਂ, ਨਵਿਆਉਣਯੋਗ ਬਿਜਲੀ, ਟਿਕਾਊ ਕੂਲਿੰਗ (ਠੰਢਾ ਰੱਖਣ ਵਾਲੀਆਂ) ਪ੍ਰਣਾਲੀਆਂ ਅਤੇ ਜਿੱਥੇ ਵੀ ਮੁਮਕਿਨ ਹੋਵੇ, ਪਾਣੀ ਦੀ ਵਰਤੋਂ ਤੋਂ ਬਿਨਾਂ ਚੱਲਣ ਵਾਲੀਆਂ ਤਕਨਾਲੋਜੀਆਂ ਵਿੱਚ ਨਿਵੇਸ਼ ਕਰਨਾ ਚਾਹੀਦਾ ਹੈ।

ਭੋਗਾਪੁਰਮ (ਆਂਧਰਾ ਪ੍ਰਦੇਸ਼) ਵਿੱਚ ਹਾਲ ਹੀ ਦੀਆਂ ਸਥਾਨਕ ਚੋਣਾਂ ਵਿੱਚ ਦੋ ਕਿਸਾਨ ਇਸ ਲਈ ਜਿੱਤੇ, ਕਿਉਂਕਿ ਡੇਟਾ ਸੈਂਟਰਾਂ ਬਾਰੇ ਉਨ੍ਹਾਂ ਦੀਆਂ ਚਿੰਤਾਵਾਂ ਨੇ ਵੋਟਰਾਂ ਦੇ ਮਨਾਂ ਨੂੰ ਡੂੰਘਾ ਪ੍ਰਭਾਵਿਤ ਕੀਤਾ। ਅਸਲ ਵਿੱਚ, ਕਿਸੇ ਵੀ ਪ੍ਰੋਜੈਕਟ ਨੂੰ ਮਨਜ਼ੂਰੀ ਮਿਲਣ ਤੋਂ ਪਹਿਲਾਂ ਸਥਾਨਕ ਲੋਕਾਂ ਨੂੰ ਸਾਧਨਾਂ ਦੀ ਖਪਤ, ਵਾਤਾਵਰਣ ਉੱਤੇ ਪੈਣ ਵਾਲੇ ਪ੍ਰਭਾਵਾਂ ਅਤੇ ਆਰਥਿਕ ਲਾਭਾਂ ਬਾਰੇ ਸਪੱਸ਼ਟ ਜਾਣਕਾਰੀ ਮਿਲਣੀ ਚਾਹੀਦੀ ਹੈ। ਸਥਾਨਕ ਲੋਕਾਂ ਨੂੰ ਸਿਰਫ਼ ਮੂਕ ਦਰਸ਼ਕ ਸਮਝਣ ਦੀ ਬਜਾਏ ਵਿਕਾਸ ਵਿੱਚ ਅਸਲ ਭਾਈਵਾਲ ਬਣਾਇਆ ਜਾਣਾ ਚਾਹੀਦਾ ਹੈ। ਡੇਟਾ ਸੈਂਟਰ ਭਾਰਤ ਦੇ ਡਿਜੀਟਲ ਭਵਿੱਖ ਨੂੰ ਮਜ਼ਬੂਤੀ ਦੇ ਸਕਦੇ ਹਨ, ਪਰ ਇਨ੍ਹਾਂ ਦੀ ਸਫਲਤਾ ਨੂੰ ਸਿਰਫ਼ ਨਿਵੇਸ਼ ਦੇ ਅੰਕੜਿਆਂ ਅਤੇ ਕੰਪਿਊਟਿੰਗ ਸਮਰੱਥਾ ਦੇ ਆਧਾਰ 'ਤੇ ਹੀ ਨਹੀਂ, ਸਗੋਂ ਪੈਦਾ ਹੋਏ ਰੁਜ਼ਗਾਰ, ਸਾਧਨਾਂ ਦੀ ਸੰਭਾਲ ਅਤੇ ਲੋਕਾਂ ਦੇ ਸ਼ਕਤੀਕਰਨ ਰਾਹੀਂ ਮਾਪਿਆ ਜਾਣਾ ਚਾਹੀਦਾ ਹੈ। ਅਜਿਹੀ ਤਰੱਕੀ ਦਾ ਫ਼ਾਇਦਾ ਹਰੇਕ ਨੂੰ ਮਿਲਣਾ ਚਾਹੀਦਾ ਹੈ, ਨਾ ਕਿ ਸਿਰਫ਼ ਤਕਨੀਕੀ ਦਿੱਗਜਾਂ ਨੂੰ।

ਸ਼ਅ
Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354
ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।
Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

ਦੇਸੀ ਅਸਲਾ, ਕਾਨੂੰਨ ਨਿਵੇਕਲ

ਕਾਨੂੰਨੀ ਵਿਸ਼ਲੇਸ਼ਣ । ਵਿਸ਼ੇਸ਼ ਸੰਪਾਦਕੀ ।



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਦੇਸੀ ਪਿਸਤੌਲ ਦਾ ਖ਼ਤਰਾ ਵੱਖਰਾ, ਕਾਨੂੰਨ ਦੀ ਪਰਿਭਾਸ਼ਾ ਵੱਖਰੀ: ਬਿਨਾਂ ਲਾਇਸੈਂਸ ਹਥਿਆਰ ਅਤੇ ਪਾਬੰਦੀਸ਼ੁਦਾ ਅਸਲੇ ਵਿਚਲਾ ਫ਼ਰਕ ਬੰਬੇ ਹਾਈਕੋਰਟ ਨੇ ਸਮਝਾਇਆ

ਸਿਰਫ਼ ਖ਼ਤਰਨਾਕ ਹੋਣਾ ਜਾਂ ਬਿਨਾਂ ਲਾਇਸੈਂਸ ਹੋਣਾ ਕਿਸੇ ਦੇਸੀ ਪਿਸਤੌਲ ਨੂੰ ਪਾਬੰਦੀਸ਼ੁਦਾ ਹਥਿਆਰ ਨਹੀਂ ਬਣਾ ਦਿੰਦਾ। ਹਥਿਆਰ ਦੀ ਕਾਨੂੰਨੀ ਸ਼੍ਰੇਣੀ ਤੈਅ ਕਰਨ ਲਈ ਕਾਨੂੰਨ ਵਿਚ ਦਰਜ ਵਿਸ਼ੇਸ਼ ਮਾਪਦੰਡਾਂ ਅਤੇ ਸਰਕਾਰੀ ਅਧਿਸੂਚਨਾਵਾਂ ਦੀ ਜਾਂਚ ਲਾਜ਼ਮੀ ਹੈ। ਪਰ ਇਸ ਕਾਨੂੰਨੀ ਨੁਕਤੇ ਨੂੰ ਗ਼ੈਰਕਾਨੂੰਨੀ ਅਸਲਾ ਰੱਖਣ ਦੀ ਖੁੱਲ੍ਹ ਸਮਝਣਾ ਵੀ ਵੱਡੀ ਭੁੱਲ ਹੋਵੇਗੀ।

ਹਥਿਆਰਾਂ ਦੀ ਨਾਜਾਇਜ਼ ਖ਼ਰੀਦੋ-ਫ਼ਰੋਖ਼ਤ, ਗ਼ੈਰਕਾਨੂੰਨੀ ਕਬਜ਼ੇ ਅਤੇ ਅਪਰਾਧਿਕ ਵਾਰਦਾਤਾਂ ਵਿਚ ਦੇਸੀ ਪਿਸਤੌਲਾਂ ਦੀ ਵਰਤੋਂ ਭਾਰਤ ਦੀ ਅੰਦਰੂਨੀ ਸੁਰੱਖਿਆ ਅਤੇ ਆਮ ਲੋਕਾਂ ਦੀ ਜਾਨ-ਮਾਲ ਦੀ ਰਾਖੀ ਨਾਲ ਜੁੜਿਆ ਗੰਭੀਰ ਮਸਲਾ ਹੈ। ਅਜਿਹੇ ਮਾਹੌਲ ਵਿਚ ਬੰਬੇ ਹਾਈਕੋਰਟ ਦਾ ਤਾਜ਼ਾ ਹੁਕਮ ਹਥਿਆਰਾਂ ਬਾਰੇ ਬਣੇ ਕਾਨੂੰਨ ਦੀ ਸਹੀ ਵਿਆਖਿਆ ਅਤੇ ਪੁਲਿਸ ਜਾਂਚ ਦੀ ਕਾਨੂੰਨੀ ਮਿਆਰਬੰਦੀ ਵੱਲ ਧਿਆਨ ਖਿੱਚਦਾ ਹੈ। ਅਦਾਲਤ ਨੇ ਇਹ ਗੱਲ ਸਾਫ਼ ਕੀਤੀ ਹੈ ਕਿ ਕਿਸੇ ਹਥਿਆਰ ਨੂੰ ਖ਼ਤਰਨਾਕ ਸਮਝ ਲੈਣਾ ਅਤੇ ਉਸ ਨੂੰ ਕਾਨੂੰਨ ਦੀ ਪਰਿਭਾਸ਼ਾ ਅਨੁਸਾਰ ਪਾਬੰਦੀਸ਼ੁਦਾ ਹਥਿਆਰ ਸਾਬਤ ਕਰਨਾ ਦੋ ਵੱਖਰੀਆਂ ਗੱਲਾਂ ਹਨ।

ਮਾਮਲੇ ਦੀ ਪਿਛੋਕੜ: ਬਿਹਾਰ ਤੋਂ ਆਏ ਅਸਲੇ ਦੀ ਖ਼ਰੀਦੋ-ਫ਼ਰੋਖ਼ਤ ਦਾ ਇਲਜ਼ਾਮ

ਇਹ ਮਾਮਲਾ ਵਿਕਾਸ ਕਮਲ ਯਾਦਵ ਬਨਾਮ ਮਹਾਰਾਸ਼ਟਰ ਰਾਜ, ਜ਼ਮਾਨਤ ਅਰਜ਼ੀ ਨੰਬਰ 2070/2026 ਨਾਲ ਸਬੰਧਤ ਹੈ। ਬੰਬੇ ਹਾਈਕੋਰਟ ਦੇ ਔਰੰਗਾਬਾਦ ਬੈਂਚ ਵਿਚ ਜਸਟਿਸ ਹਿਤੇਨ ਐੱਸ. ਵੇਨੇਗਾਵਕਰ ਨੇ 3 ਨਵੰਬਰ 2026 ਨੂੰ ਇਸ ਮਾਮਲੇ ਵਿਚ ਹੁਕਮ ਸੁਣਾਇਆ।

ਪੁਲਿਸ ਦੇ ਪੱਖ ਅਨੁਸਾਰ 12 ਅਗਸਤ 2026 ਦੀ ਰਾਤ ਨੂੰ ਸਥਾਨਕ ਅਪਰਾਧ ਸ਼ਾਖਾ ਨੂੰ ਸੂਚਨਾ ਮਿਲੀ ਸੀ ਕਿ ਭਿੰਗਾਰ ਨਾਲੇ ਨੇੜੇ ਇਕ ਵਿਅਕਤੀ ਦੇਸੀ ਪਿਸਤੌਲ ਸਮੇਤ ਮੌਜੂਦ ਹੈ ਅਤੇ ਉਸ ਦਾ ਇਰਾਦਾ ਇਹ ਹਥਿਆਰ ਵੇਚਣ ਦਾ ਹੈ। ਪੁਲਿਸ ਪਾਰਟੀ ਨੇ ਗਵਾਹਾਂ ਦੀ ਹਾਜ਼ਰੀ ਵਿਚ ਕਾਰਵਾਈ ਕਰਦਿਆਂ ਮੁਲਜ਼ਮ ਅਤੇ ਉਸ ਦੇ ਇਕ ਸਾਥੀ ਨੂੰ ਕਾਬੂ ਕੀਤਾ। ਦੋਸ਼ ਅਨੁਸਾਰ ਵਿਕਾਸ ਕੋਲੋਂ ਇਕ ਦੇਸੀ ਪਿਸਤੌਲ, ਦੋ ਜ਼ਿੰਦਾ ਕਾਰਤੂਸ ਅਤੇ ਇਕ ਐਂਡਰਾਇਡ ਮੋਬਾਈਲ ਫ਼ੋਨ ਬਰਾਮਦ ਹੋਇਆ। ਦੂਜੇ ਮੁਲਜ਼ਮ ਕੋਲੋਂ ਵੱਖਰੀ ਮੈਗਜ਼ੀਨ, ਦੋ ਕਾਰਤੂਸ ਅਤੇ ਇਕ ਆਈਫ਼ੋਨ ਮਿਲਣ ਦਾ ਦਾਅਵਾ ਕੀਤਾ ਗਿਆ।

ਪੁਲਿਸ ਨੇ ਇਹ ਵੀ ਦਲੀਲ ਦਿੱਤੀ ਕਿ ਹਥਿਆਰ ਬਿਹਾਰ ਤੋਂ ਲਿਆਂਦਾ ਗਿਆ ਸੀ ਅਤੇ ਇਸ ਦੇ ਸਰੋਤ, ਖ਼ਰੀਦਦਾਰਾਂ ਤੇ ਹੋਰ ਸੰਭਾਵੀ ਸਾਥੀਆਂ ਦੀ ਜਾਂਚ ਜ਼ਰੂਰੀ ਸੀ। ਇਸ ਮਾਮਲੇ ਵਿਚ ਆਰਮਜ਼ ਐਕਟ ਦੀਆਂ ਧਾਰਾਵਾਂ 3 ਅਤੇ 7 ਦੇ ਨਾਲ ਧਾਰਾ 25 ਤਹਿਤ ਕਾਰਵਾਈ ਕੀਤੀ ਗਈ ਸੀ। ਮੁਲਜ਼ਮ ਨੂੰ 13 ਅਗਸਤ 2026 ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ।

ਆਰਮਜ਼ ਐਕਟ ਦੀ ਧਾਰਾ 7: ਅਸਲ ਕਾਨੂੰਨੀ ਸਵਾਲ ਕੀ ਸੀ?

ਇਸ ਮਾਮਲੇ ਦਾ ਸਭ ਤੋਂ ਅਹਿਮ ਪੱਖ ਭਾਰਤੀ ਆਰਮਜ਼ ਐਕਟ, 1959 ਦੀ ਧਾਰਾ 7 ਅਤੇ ਧਾਰਾ 2(1) (i) ਦੀ ਵਿਆਖਿਆ ਸੀ।

ਧਾਰਾ 7 ਪਾਬੰਦੀਸ਼ੁਦਾ ਹਥਿਆਰਾਂ ਅਤੇ ਪਾਬੰਦੀਸ਼ੁਦਾ ਗੋਲਾ-ਬਾਰੂਦ ਦੇ ਨਿਰਮਾਣ, ਪ੍ਰਾਪਤੀ, ਕਬਜ਼ੇ ਅਤੇ ਹੋਰ ਸਬੰਧਤ ਕਾਰਵਾਈਆਂ ਉੱਤੇ ਰੋਕ ਲਾਉਂਦੀ ਹੈ। ਪਰ ਕਿਸੇ ਚੀਜ਼ ਨੂੰ ਪਾਬੰਦੀਸ਼ੁਦਾ ਹਥਿਆਰ ਕਹਿਣ ਲਈ ਉਸ ਦਾ ਕਾਨੂੰਨੀ ਪਰਿਭਾਸ਼ਾ ਵਿਚ ਆਉਣਾ ਜ਼ਰੂਰੀ ਹੈ। ਕਾਨੂੰਨ ਵਿਚ ਪਾਬੰਦੀਸ਼ੁਦਾ ਹਥਿਆਰਾਂ ਦੀ ਪਰਿਭਾਸ਼ਾ ਕੁਝ ਨਿਸ਼ਚਿਤ ਤਕਨੀਕੀ ਵਿਸ਼ੇਸ਼ਤਾਵਾਂ ਵਾਲੇ ਅਸਲੇ ਅਤੇ ਕੇਂਦਰ ਸਰਕਾਰ ਵੱਲੋਂ ਅਧਿਸੂਚਿਤ ਹਥਿਆਰਾਂ ਦੀਆਂ ਸ਼੍ਰੇਣੀਆਂ ਨਾਲ ਜੁੜੀ ਹੋਈ ਹੈ। ਮਿਸਾਲ ਵਜੋਂ, ਲਗਾਤਾਰ ਟ੍ਰਿਗਰ ਦਬਾ ਕੇ ਗੋਲੀਆਂ ਚਲਾਉਣ ਲਈ ਬਣਾਏ ਜਾਂ ਤਬਦੀਲ ਕੀਤੇ ਗਏ ਹਥਿਆਰਾਂ ਦੀ ਸ਼੍ਰੇਣੀ ਇਸ ਵਿਚ ਸ਼ਾਮਲ ਹੈ। ਇਸ ਤੋਂ ਇਲਾਵਾ ਸਰਕਾਰ ਵੱਲੋਂ ਅਧਿਸੂਚਨਾ ਰਾਹੀਂ ਨਿਰਧਾਰਤ ਕੀਤੀਆਂ ਹੋਰ ਸ਼੍ਰੇਣੀਆਂ ਵੀ ਇਸ ਦਾਇਰੇ ਵਿਚ ਆ ਸਕਦੀਆਂ ਹਨ।

ਇਸ ਲਈ ਕਿਸੇ ਪਿਸਤੌਲ ਨੂੰ ਸਿਰਫ਼ ਦੇਸੀ ਬਣਾਵਟ ਦਾ, ਖ਼ਤਰਨਾਕ ਜਾਂ ਬਿਨਾਂ ਲਾਇਸੈਂਸ ਵਾਲਾ ਦੱਸਣਾ ਧਾਰਾ 7 ਲਾਗੂ ਕਰਨ ਲਈ ਆਪਣੇ ਆਪ ਵਿਚ ਕਾਫ਼ੀ ਨਹੀਂ। ਹਥਿਆਰ ਦੀ ਅਸਲ ਬਣਤਰ, ਤਕਨੀਕੀ ਸਮਰੱਥਾ ਅਤੇ ਲਾਗੂ ਸਰਕਾਰੀ ਅਧਿਸੂਚਨਾ ਨੂੰ ਪਰਖਣਾ ਪਵੇਗਾ।

ਧਾਰਾ 3: ਬਿਨਾਂ ਲਾਇਸੈਂਸ ਪਿਸਤੌਲ ਰੱਖਣਾ ਫਿਰ ਵੀ ਜੁਰਮ

ਇੱਥੇ ਆਮ ਲੋਕਾਂ ਅਤੇ ਖ਼ਾਸ ਕਰਕੇ ਕਾਨੂੰਨੀ ਮਾਮਲਿਆਂ ਦੀ ਰਿਪੋਰਟਿੰਗ ਕਰਨ ਵਾਲਿਆਂ ਲਈ ਇਕ ਅਹਿਮ ਫ਼ਰਕ ਸਮਝਣਾ ਜ਼ਰੂਰੀ ਹੈ। ਆਰਮਜ਼ ਐਕਟ ਦੀ ਧਾਰਾ 3 ਅਨੁਸਾਰ ਕਿਸੇ ਵੀ ਅਸਲੇ ਜਾਂ ਗੋਲਾ-ਬਾਰੂਦ ਨੂੰ ਹਾਸਲ ਕਰਨ, ਆਪਣੇ ਕਬਜ਼ੇ ਵਿਚ ਰੱਖਣ ਜਾਂ ਨਾਲ ਲਿਜਾਣ ਲਈ ਕਾਨੂੰਨ ਅਨੁਸਾਰ ਜਾਰੀ ਕੀਤਾ ਲਾਇਸੈਂਸ ਲਾਜ਼ਮੀ ਹੈ।

ਇਸ ਦਾ ਮਤਲਬ ਹੈ ਕਿ ਜੇ ਕੋਈ ਵਿਅਕਤੀ ਆਮ ਸ਼੍ਰੇਣੀ ਦਾ ਦੇਸੀ ਪਿਸਤੌਲ ਬਿਨਾਂ ਲਾਇਸੈਂਸ ਰੱਖਦਾ ਹੈ ਤਾਂ ਵੀ ਉਹ ਕਾਨੂੰਨ ਦੀ ਉਲੰਘਣਾ ਕਰ ਰਿਹਾ ਹੈ। ਅਜਿਹੇ ਮਾਮਲੇ ਵਿਚ ਧਾਰਾ 25(12) (a) ਤਹਿਤ ਦੋਸ਼ ਸਾਬਤ ਹੋਣ ਉੱਤੇ ਘੱਟੋ-ਘੱਟ ਦੋ ਸਾਲ ਤੋਂ ਲੈ ਕੇ ਪੰਜ ਸਾਲ ਤੱਕ ਦੀ ਕੈਦ ਅਤੇ ਜੁਰਮਾਨੇ ਦੀ ਵਿਵਸਥਾ ਹੈ।

ਇਸ ਤੋਂ ਇਲਾਵਾ ਜੇ ਹਥਿਆਰ ਬਣਾਉਣ, ਵੇਚਣ, ਤਬਦੀਲ ਕਰਨ ਜਾਂ ਵਿਕਰੀ ਲਈ ਰੱਖਣ ਦਾ ਮਾਮਲਾ ਹੋਵੇ ਤਾਂ ਧਾਰਾ 5 ਦੀ ਉਲੰਘਣਾ ਅਤੇ ਧਾਰਾ 25(1) ਅਧੀਨ ਵੱਖਰੀ ਤੇ ਕਾਫ਼ੀ ਸਖ਼ਤ ਸਜ਼ਾ ਲਾਗੂ ਹੋ ਸਕਦੀ ਹੈ। ਮੌਜੂਦਾ ਕਾਨੂੰਨ ਅਨੁਸਾਰ ਇਸ ਧਾਰਾ ਵਿਚ ਘੱਟੋ-ਘੱਟ ਸੱਤ ਸਾਲ ਤੋਂ ਉਮਰ ਕੈਦ ਤੱਕ ਦੀ ਸਜ਼ਾ ਅਤੇ ਜੁਰਮਾਨੇ ਦੀ ਵਿਵਸਥਾ ਹੈ।

ਇਸੇ ਲਈ ਅਦਾਲਤ ਨੇ ਮੁਲਜ਼ਮ ਦੀ ਇਸ ਦਲੀਲ ਨੂੰ ਵੀ ਪੂਰੀ ਤਰ੍ਹਾਂ ਸਵੀਕਾਰ ਨਹੀਂ ਕੀਤਾ ਕਿ ਉਸ ਵਿਰੁੱਧ ਲੱਗੇ ਸਾਰੇ ਦੋਸ਼ਾਂ ਵਿਚ ਵੱਧ ਤੋਂ ਵੱਧ ਸਜ਼ਾ ਸਿਰਫ਼ ਪੰਜ ਸਾਲ ਹੀ ਹੋ ਸਕਦੀ ਹੈ। ਕਿਉਂਕਿ ਪੁਲਿਸ ਦਾ ਦੋਸ਼ ਸੀ ਕਿ ਹਥਿਆਰ ਵਿਕਰੀ ਦੇ ਇਰਾਦੇ ਨਾਲ ਰੱਖਿਆ ਗਿਆ ਸੀ। ਕਾਰਤੂਸਾਂ ਬਾਰੇ ਵੀ ਅਦਾਲਤ ਦੀ ਅਹਿਮ ਟਿੱਪਣੀ

ਇਸ ਫ਼ੈਸਲੇ ਦਾ ਇਕ ਹੋਰ ਮਹੱਤਵਪੂਰਨ ਪੱਖ ਜ਼ਿੰਦਾ ਕਾਰਤੂਸਾਂ ਨਾਲ ਸਬੰਧਤ ਹੈ। ਅਦਾਲਤ ਨੇ ਸਪੱਸ਼ਟ ਕੀਤਾ ਕਿ ਆਮ ਜ਼ਿੰਦਾ ਕਾਰਤੂਸ ਸਿਰਫ਼ ਇਸ ਕਰਕੇ ਪਾਬੰਦੀਸ਼ੁਦਾ ਗੋਲਾ-ਬਾਰੂਦ ਨਹੀਂ ਬਣ ਜਾਂਦੇ ਕਿ ਉਨ੍ਹਾਂ ਨੂੰ ਬਿਨਾਂ ਕਾਨੂੰਨੀ ਇਜਾਜ਼ਤ ਰੱਖਿਆ ਗਿਆ ਹੈ।

ਆਰਮਜ਼ ਐਕਟ ਦੀ ਧਾਰਾ 2(1)(h) ਵਿਚ ਪਾਬੰਦੀਸ਼ੁਦਾ ਗੋਲਾ-ਬਾਰੂਦ ਦੀ ਵੱਖਰੀ ਪਰਿਭਾਸ਼ਾ ਦਿੱਤੀ ਗਈ ਹੈ। ਇਸ ਵਿਚ ਨੁਕਸਾਨਦੇਹ ਤਰਲ ਜਾਂ ਗੈਸ ਵਾਲਾ ਗੋਲਾ-ਬਾਰੂਦ ਅਤੇ ਕੇਂਦਰ ਸਰਕਾਰ ਵੱਲੋਂ ਅਧਿਸੂਚਿਤ ਹੋਰ ਵਸਤਾਂ ਸ਼ਾਮਲ ਹਨ।

ਇਸ ਲਈ ਅਸਲੇ ਅਤੇ ਗੋਲਾ-ਬਾਰੂਦ ਦੀ ਕਾਨੂੰਨੀ ਸ਼੍ਰੇਣੀ ਤੈਅ ਕਰਦਿਆਂ ਦੋਵਾਂ ਨੂੰ ਵੱਖਰੇ ਤੌਰ ਉੱਤੇ ਪਰਖਣਾ ਜ਼ਰੂਰੀ ਹੈ।

ਪੁਲਿਸ ਜਾਂਚ ਅਤੇ ਫੋਰੈਂਸਿਕ ਸਬੂਤਾਂ ਦੀ ਅਹਿਮੀਅਤ

ਇਹ ਫ਼ੈਸਲਾ ਪੁਲਿਸ ਜਾਂਚ ਦੀ ਗੁਣਵੱਤਾ ਬਾਰੇ ਵੀ ਕਈ ਸਵਾਲ ਖੜ੍ਹੇ ਕਰਦਾ ਹੈ। ਜਦੋਂ ਕਿਸੇ ਵਿਅਕਤੀ ਕੋਲੋਂ ਦੇਸੀ ਪਿਸਤੌਲ ਬਰਾਮਦ ਹੋਵੇ ਤਾਂ ਸਿਰਫ਼ ਬਰਾਮਦਗੀ ਦੀ ਰਿਪੋਰਟ ਤਿਆਰ ਕਰਨਾ ਹੀ ਕਾਫ਼ੀ ਨਹੀਂ। ਹਥਿਆਰ ਦੀ ਬਣਤਰ, ਉਸ ਦੀ ਕਾਰਜ-ਪ੍ਰਣਾਲੀ, ਤਕਨੀਕੀ ਸਮਰੱਥਾ ਅਤੇ ਕਾਨੂੰਨੀ ਸ਼੍ਰੇਣੀ ਦੀ ਪੁਸ਼ਟੀ ਵੀ ਅਹਿਮ ਹੈ।

ਇਸ ਸਬੰਧ ਵਿਚ ਫੋਰੈਂਸਿਕ ਜਾਂਚ, ਬੈਲਿਸਟਿਕ ਮਾਹਿਰਾਂ ਦੀ ਰਿਪੋਰਟ, ਹਥਿਆਰ ਦੀ ਤਕਨੀਕੀ ਜਾਂਚ ਅਤੇ ਕੇਂਦਰ ਸਰਕਾਰ ਦੀਆਂ ਲਾਗੂ ਅਧਿਸੂਚਨਾਵਾਂ ਮਹੱਤਵਪੂਰਨ ਸਬੂਤ ਬਣ ਸਕਦੀਆਂ ਹਨ।

ਜੇ ਕਿਸੇ ਹਥਿਆਰ ਨੂੰ ਪਾਬੰਦੀਸ਼ੁਦਾ ਦੱਸ ਕੇ ਧਾਰਾ 7 ਲਗਾਈ ਜਾਂਦੀ ਹੈ ਤਾਂ ਉਸ ਵਰਗੀਕਰਨ ਦਾ ਕਾਨੂੰਨੀ ਆਧਾਰ ਵੀ ਜਾਂਚ ਰਿਕਾਰਡ ਵਿਚ ਸਾਹਮਣੇ ਆਉਣਾ ਚਾਹੀਦਾ ਹੈ। ਕੇਵਲ ਹਥਿਆਰ ਦੀ ਦਿੱਖ ਜਾਂ ਪੁਲਿਸ ਅਧਿਕਾਰੀ ਦੀ ਆਮ ਧਾਰਨਾ ਕਾਨੂੰਨੀ ਪਰਿਭਾਸ਼ਾ ਦੀ ਥਾਂ ਨਹੀਂ ਲੈ ਸਕਦੀ।

ਸੁੰਦਰਲਾਲ ਪਰਾਸ਼ਰ ਮਾਮਲੇ ਦਾ ਵੀ ਲਿਆ ਆਧਾਰ

ਜਸਟਿਸ ਵੇਨੇਗਾਵਕਰ ਨੇ ਇਸ ਮਾਮਲੇ ਵਿਚ ਬੰਬੇ ਹਾਈਕੋਰਟ ਦੇ ਡਿਵੀਜ਼ਨ ਬੈਂਚ ਦੇ ਪਹਿਲਾਂ ਆਏ ਫ਼ੈਸਲੇ Sunderlal Tuhiram Parashar ਬਨਾਮ National Investigation Agency (ਕ੍ਰਿਮੀਨਲ ਅਪੀਲ ਨੰਬਰ 380/2020, ਫ਼ੈਸਲਾ 29 ਸਤੰਬਰ 2021) ਦੇ ਕਾਨੂੰਨੀ ਤਰਕ ਦਾ ਵੀ ਹਵਾਲਾ ਦਿੱਤਾ।

ਇਸ ਪੁਰਾਣੇ ਫ਼ੈਸਲੇ ਵਿਚ ਵੀ



ਸਵੈ-ਸਹਾਇਤਾ ਸਮੂਹਾਂ ਰਾਹੀਂ ਔਰਤਾਂ ਨੂੰ ਉੱਦਮੀ ਬਣਾਉਣ ਲਈ ਪੰਜਾਬ ਸਰਕਾਰ ਵਚਨਬੱਧ : ਤਰੁਣਪ੍ਰੀਤ ਸਿੰਘ ਸੌਂਦ

ਫ਼ਤਹਿਗੜ੍ਹ ਸਾਹਿਬ,18 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਔਰਤਾਂ, ਨੌਜਵਾਨਾਂ ਅਤੇ ਬਜ਼ੁਰਗਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਅਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਹ ਪ੍ਰਗਟਾਵਾ ਪੰਜਾਬ ਦੇ ਸੈਰ-ਸਪਾਟਾ ਤੇ ਸਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਾਚਾਰੀ, ਪੇਂਡੂ ਵਿਕਾਸ ਤੇ ਪੰਚਾਇਤਾਂ ਅਤੇ ਊਰਜਾ ਮੰਤਰੀ ਸ੍ਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਜ਼ਿਲ੍ਹਾ ਪ੍ਰੀਸ਼ਦ ਦਫ਼ਤਰ, ਫਤਹਿਗੜ੍ਹ ਸਾਹਿਬ ਵਿਖੇ ਸਥਿਤ ਕਮਿਊਨਿਟੀ ਮੈਨੇਜਡ ਟ੍ਰੇਨਿੰਗ ਸੈਂਟਰ ਵਿੱਚ ਸੈਲਫ ਹੈਲਪ ਗਰੁੱਪਾਂ ਨਾਲ ਸਬੰਧਤ ਔਰਤਾਂ ਨੂੰ ਪਸ਼ੂ ਪਾਲਣ ਦੇ ਕਿੱਤੇ ਨਾਲ ਜੋੜਨ ਅਤੇ ਸਵੈ-ਰੁਜ਼ਗਾਰ ਦੇ ਯੋਗ ਬਣਾਉਣ ਲਈ 30 ਦਿਨਾਂ ਵਿਸ਼ੇਸ਼ ਸਿਖਲਾਈ ਪ੍ਰੋਗਰਾਮ ਦੀ ਸ਼ੁਰੂਆਤ ਕਰਵਾਉਣ ਮੌਕੇ ਕੀਤਾ।

ਸ੍ਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਕਿਹਾ ਪੰਜਾਬ ਸਰਕਾਰ ਦਾ ਉਦੇਸ਼ ਹੈ ਕਿ ਔਰਤਾਂ ਨੂੰ ਆਪਣੇ ਘਰਾਂ ਦੇ ਨੇੜੇ ਹੀ ਰੁਜ਼ਗਾਰ ਦੇ ਅਜਿਹੇ ਮੌਕੇ ਮੁਹੱਈਆ ਕਰਵਾਏ ਜਾਣ, ਜਿਸ ਨਾਲ ਉਨ੍ਹਾਂ ਨੂੰ ਰੋਜ਼ੀ-ਰੋਟੀ ਕਮਾਉਣ ਲਈ ਦੂਰ-ਦੁਰਾਡੇ ਨਾ ਜਾਣਾ ਪਵੇ ਅਤੇ ਉਹ ਸਵੈ-ਮਾਣ ਨਾਲ ਆਪਣਾ ਜੀਵਨ ਬਤੀਤ ਕਰ ਸਕਣ। ਜਿਸ ਲਈ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਅਤੇ ਪਸ਼ੂ ਪਾਲਣ ਵਿਭਾਗ ਦੇ ਸਾਂਝੇ ਉਪਰਾਲੇ ਨਾਲ ਇਹ ਸਿਖਲਾਈ ਪ੍ਰੋਗਰਾਮ ਸ਼ੁਰੂ ਕੀਤਾ ਗਿਆ। ਕੈਬਨਿਟ ਮੰਤਰੀ ਨੇ ਦੱਸਿਆ ਕਿ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ 30 ਪਿੰਡਾਂ ਵਿੱਚੋਂ ਔਰਤਾਂ ਦੀ ਚੋਣ ਕਰਕੇ ਇਸ ਪ੍ਰੋਗਰਾਮ ਨੂੰ ਪਾਇਲਟ ਪ੍ਰੋਜੈਕਟ ਵਜੋਂ ਸ਼ੁਰੂ ਕੀਤਾ ਗਿਆ ਹੈ। ਇਸ ਤਹਿਤ ਔਰਤਾਂ ਨੂੰ ਲਗਾਤਾਰ 30 ਦਿਨ ਪਸ਼ੂ ਪਾਲਣ, ਡੇਅਰੀ ਫਾਰਮਿੰਗ ਅਤੇ ਪਸ਼ੂਆਂ ਦੀ ਸਾਂਭ-ਸੰਭਾਲ ਨਾਲ ਸਬੰਧਤ ਵੱਖ-ਵੱਖ ਪਹਿਲੂਆਂ ਬਾਰੇ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਉਪਰਾਲਾ ਸਿਰਫ਼ ਚੁਣੀਆਂ ਗਈਆਂ ਔਰਤਾਂ ਤੱਕ ਹੀ ਸੀਮਤ ਨਹੀਂ ਹੈ, ਸਗੋਂ ਪਸ਼ੂ ਪਾਲਣ ਦਾ ਕਿੱਤਾ ਸਿੱਖਣ ਦੇ ਚਾਹਵਾਨ ਕੋਈ ਵੀ ਵਿਅਕਤੀ ਵੀ ਇਸ ਤੋਂ ਲਾਭ ਲੈ ਸਕਦਾ ਹੈ।

ਸ੍ਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਦੁੱਧ ਅਤੇ ਦੁੱਧ ਤੋਂ ਤਿਆਰ ਹੋਣ ਵਾਲੇ ਉਤਪਾਦਾਂ ਜਿਵੇਂ ਪਨੀਰ, ਮੱਖਣ, ਘਿਓ ਆਦਿ ਦੀ ਮੰਗ ਲਗਾਤਾਰ ਵਧ ਰਹੀ ਹੈ। ਵਧਦੀ ਆਬਾਦੀ ਦੇ ਨਾਲ ਇਨ੍ਹਾਂ ਉਤਪਾਦਾਂ ਦੀ ਲੋੜ ਵੀ ਵਧ ਰਹੀ ਹੈ, ਪਰ ਦੂਜੇ ਪਾਸੇ ਪਿੰਡਾਂ ਵਿੱਚ ਪਸ਼ੂ ਪਾਲਣ ਦਾ ਰਵਾਇਤੀ ਕਿੱਤਾ ਘਟਦਾ ਜਾ ਰਿਹਾ ਹੈ। ਇਸ ਲਈ ਇਸ ਕਿੱਤੇ ਨੂੰ ਮੁੜ ਪ੍ਰਫੁੱਲਿਤ ਕਰਨ ਅਤੇ ਪੇਂਡੂ ਅਰਥਚਾਰੇ ਨੂੰ ਮਜ਼ਬੂਤ ਕਰਨ ਲਈ ਅਜਿਹੇ ਸਿਖਲਾਈ ਪ੍ਰੋਗਰਾਮ ਬੇਹੱਦ ਸਹਾਈ ਸਿੱਧ ਹੋਣਗੇ।

ਇਸ ਮੌਕੇ ਉਨ੍ਹਾਂ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਅਤੇ ਪਸ਼ੂ ਪਾਲਣ ਵਿਭਾਗ ਦੇ ਅਧਿਕਾਰੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਦੋਵਾਂ ਵਿਭਾਗਾਂ ਦੇ ਸਾਂਝੇ ਯਤਨਾਂ ਨਾਲ ਪੇਂਡੂ ਔਰਤਾਂ ਨੂੰ ਹੁਨਰਮੰਦ ਬਣਾਉਣ ਅਤੇ ਉਨ੍ਹਾਂ ਲਈ ਸਵੈ-ਰੁਜ਼ਗਾਰ ਦੇ ਨਵੇਂ ਰਾਹ ਖੋਲ੍ਹਣ ਵਿੱਚ ਮਦਦ ਮਿਲੇਗੀ।

ਇਸ ਮੌਕੇ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਫਤਹਿਗੜ੍ਹ ਸਾਹਿਬ ਸ੍ਰੀ ਸਿੰਗਾਰਾ ਸਿੰਘ ਸਲਾਣਾ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀਮਤੀ ਨਵਰੀਤ ਕੌਰ ਸੇਖੋਂ, ਸਰਬਜੀਤ ਸਿੰਘ ਸਹਾਇਕ ਡਾਇਰੈਕਟਰ ਪਸ਼ੂ ਪਾਲਣ ਸਰਬਜੀਤ ਸਿੰਘ, ਡੀ ਡੀ ਪੀ ਓ ਦਿਲਾਵਰ ਕੌਰ, ਪੀ.ਡੀ.ਸੀ ਮੈਂਬਰ ਸ੍ਰੀ ਵੈਭਵ ਮਹੇਸ਼ਵਰੀ, ਡਾ. ਰਣਜੀਤ ਕੌਰ (ਡਿਪਟੀ ਅਡਵਾਇਜਰ), ਆੜ੍ਹਤੀ ਐਸੋਸੀਏਸ਼ਨ ਖੰਨਾ ਦੇ ਪ੍ਰਧਾਨ ਹਰਬੰਸ ਸਿੰਘ ਰੋਸ਼ਾ, ਟਰੇਡ ਵਿੰਗ ਖੰਨਾ ਦੇ ਚੇਅਰਮੈਨ ਵਿਕਾਸ ਭਾਟੀਆ, ਅਮਰਜੀਤ ਵਾਲੀਆ ਅਤੇ ਹੋਰ ਅਧਿਕਾਰੀ ਤੇ ਆਗੂ ਹਾਜ਼ਰ ਸਨ।

ਡਾ. ਅੰਬੇਡਕਰ ਸਟੂਡੈਂਟ ਫਰੰਟ ਆਫ ਇੰਡੀਆ (ਡਾਸਫੀ) ਵੱਲੋਂ ਸਫਲਤਾ ਪੂਰਵਕ ਕੱਢੀ ਗਈ ਦੋ ਰੋਜਾ ਸਮਾਜਿਕ ਪਰਿਵਰਤਨ ਸਾਇਕਲ ਯਾਤਰਾ



ਪਟਿਆਲਾ, 18 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਦੀਆਂ ਲੋਕ-ਮਾਰੂ ਨੀਤੀਆਂ ਵਿਰੁੱਧ ਲੋਕਾਂ ਨੂੰ ਜਾਗਰੂਕ ਕਰਨ ਸਬੰਧੀ ਅਤੇ ਸੰਵਿਧਾਨ ਦਿਵਸ, ਸਾਹਿਬ ਕਾਂਸ਼ੀ ਰਾਮ ਜੀ ਦੇ ਜੀਵਨ ਸੰਘਰਸ਼ਾਂ ਪ੍ਰਤੀ ਲੋਕਾਂ ਜਾਗਰੂਕਤਾ ਸਬੰਧੀ ਡਾ. ਅੰਬੇਡਕਰ ਸਟੂਡੈਂਟ ਫਰੰਟ ਆਫ ਇੰਡੀਡਾ (ਡਾਸਫੀ) ਵੱਲੋਂ ਪ੍ਰਧਾਨ ਪ੍ਰੀਤ ਕਾਂਸ਼ੀ ਦੀ ਅਗਵਾਈ ਵਿਚ ਫੈਕਟਰੀ ਏਰੀਆ ਵਿਖੇ ਸਥਿਤ ਸ੍ਰੀ ਗੁਰੂ ਰਵੀਦਾਸ ਬੇਗਮਪੁਰਾ ਧਾਮ ਤੋਂ ਬੀਤੇ ਦਿਨੀ ਦੋ ਰੋਜਾਂ ਸਮਾਜਿਕ ਪਰਿਵਰਤਨ ਯਾਤਰਾ ਕੱਢੀ ਗਈ ਸੀ ਜਿਸ ਨੂੰ ਕਿ ਸ਼ਹਿਰ ਦੇ ਵੱਖ ਵੱਖ ਇਲਾਕਿਆਂ ਅਤੇ ਪਿੰਡਾਂ ਦੇ ਲੋਕਾਂ ਵੱਲੋਂ ਭਰਪੂਰ ਸਮਰਥਨ ਅਤੇ ਸੰਨਮਾਨ ਦਿੱਤਾ ਗਿਆ ਹੈ । ਉਕਤ ਸਾਇਕਲ ਯਾਤਰਾ ਦੀ ਮੁੜ ਸ੍ਰੀ ਗੁਰੂ ਰਵੀਦਾਸ ਬੇਗਮਪੁਰਾ ਧਾਮ, ਫੈਕਟਰੀ ਏਰੀਆ ਵਿਖੇ ਹੀ ਆ ਕੇ ਸਮਾਪਤੀ ਕੀਤੀ ਗਈ । ਇਸ ਯਾਤਰਾ ਦੇ ਅਮਨ ਸ਼ਾਂਤੀ ਨਾਲ ਕਾਮਯਾਬ ਹੋਣ ਤੇ ਡਾਸਫੀ ਪ੍ਰਧਾਨ ਪ੍ਰੀਤ ਕਾਂਸ਼ੀ, ਸ੍ਰੀ ਗੁਰੂ ਰਵੀਦਾਸ ਟਾਈਗਰ ਫੋਰਸ ਪੰਜਾਬ ਪ੍ਰਧਾਨ ਦਰਸ਼ਨ ਕਟਾਰੀਆ, ਜ਼ਸਪਾਲ ਸਿੰਘ, ਕੇਸਰ ਸਿੰਘ, ਅਸ਼ੋਕ ਕੁਮਾਰ, ਜਰਨੈਲ ਸਿੰਘ ਸਵਾਜਪੁਰ, ਜ਼ਸਪ੍ਰੀਤ ਕੌਰ ਐਡਵੋਕੇਟ, ਕੁਸ਼ਵਿੰਦਰ ਕਲਿਆਣ ਆਦਿ ਆਗੂਆਂ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਦਾ ਸ਼ੁਕਰਾਨਾ ਅਦਾ ਕੀਤਾ ਗਿਆ । ਇਸ ਮੌਕੇ ਇਨ੍ਹਾ ਆਗੂਆਂ ਨੇ ਸਾਂਝੇ ਤੌਰ ਤੇ ਕਿਹਾ ਕਿ ਡਾਸਫੀ ਵੱਲੋਂ ਜਿਹੜੀ ਦੋ ਦਿਨਾਂ ਦੀ ਸਾਇਕਲ ਯਾਤਰਾ ਕੱਢੀ ਗਈ ਹੈ, ਇਸ ਦੀ ਸਫਲਤਾ ਵਿਚ ਵੱਖ ਵੱਖ ਸਮੂਹ ਆਗੂਆਂ ਅਤੇ ਮੈਂਬਰ ਸਾਹਿਬਾਨਾ ਦੀ ਮਿਹਨਤ ਅਤੇ ਸੰਘਰਸ਼ ਦਾ ਅਹਿਮ ਯੋਗਦਾਨ ਹੈ। ਉਨ੍ਹਾਂ ਕਿਹਾ ਕਿ ਸਮਾਜ ਨੂੰ ਜਾਗਰੂਕ ਕਰਨ ਅਤੇ ਅਗਿਆਨਤਾ ਦੇ ਹਨੇਰੇ ਨੂੰ ਦੂਰ ਕਰਨ ਲਈ ਸੰਸਥਾ ਦੇ ਉਪਰਾਲੇ ਨਿਰੰਤਰ ਜਾਰੀ ਰਹਿਣਗੇ ।

ਇਸ ਮੌਕੇ ਰਣਧੀਰ ਸਿੰਘ, ਸ਼ਵੇਤਾ ਕਾਂਸ਼ੀ, ਲਖਵਿੰਦਰ ਕੌਰ, ਸਿਮਰਨ ਬੇਤੀ, ਮੋਤੀ ਲਾਲ, ਰਾਮ ਰਵੀਦਾਸੀਆ, ਰਾਜਵੀਰ ਸਿੰਘ ਭਵਾਨੀਗੜ੍ਹ, ਗੁਰਵਿੰਦਰ ਸਿੰਘ, ਗਗਨਦੀਪ ਸਿੰਘ, ਬਲਵਿੰਦਰ ਸਿੰਘ, ਧੰਨਾ ਸਿੰਘ, ਗੁਲਾਬ ਸਿੰਘ, ਸਤਵਿੰਦਰ ਸਿੰਘ ਕਾਲਾ ਆਦਿ ਵੱਖ ਵੱਖ ਸੰਸਥਾਵਾਂ ਦੇ ਆਗੂ ਹਾਜਰ ਸਨ ।

ਡੀ ਸੀ. ਨੇ ਵਿਦਿਆਰਥੀਆਂ ਨੂੰ ਵੋਟ ਦੇ ਅਧਿਕਾਰ ਦੀ ਮਹੱਤਤਾ ਬਾਰੇ ਕੀਤਾ ਜਾਗਰੂਕ



ਪਟਿਆਲਾ, 18 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸ਼ਿਲਾਂਗ, ਮੇਘਾਲਿਆ ਵਿਖੇ 18 ਨਵੰਬਰ 2026 ਤੱਕ ਕਰਵਾਈ ਜਾ ਰਹੀ ਐਨ.ਟੀ.ਪੀ.ਸੀ. ਸੀਨੀਅਰ ਨੈਸ਼ਨਲ ਤੀਰਅੰਦਾਜ਼ੀ ਚੈਂਪੀਅਨਸ਼ਿਪ ਵਿੱਚ ਪੰਜਾਬ ਦੇ ਤੀਰਅੰਦਾਜ਼ਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕੰਪਾਊਂਡ ਵਰਗ ਦੇ ਪੁਰਸ਼ ਅਤੇ ਮਹਿਲਾ ਟੀਮ ਮੁਕਾਬਲਿਆਂ ਵਿੱਚ ਸੋਨ ਤਮਗੇ ਜਿੱਤ ਕੇ ਸੂਬੇ ਦਾ ਨਾਮ ਰੌਸ਼ਨ ਕੀਤਾ।

ਕੰਪਾਊਂਡ ਪੁਰਸ਼ ਟੀਮ, ਜਿਸ ਵਿੱਚ ਗੁਰਨੂਰ ਸਿੰਘ, ਸੰਗਮਪ੍ਰੀਤ ਸਿੰਘ ਬਿਸਲਾ, ਉਦੈ ਕੰਬੋਜ ਅਤੇ ਸੁਖਮਨਦੀਪ ਸਿੰਘ ਸ਼ਾਮਲ ਸਨ, ਨੇ ਫਾਈਨਲ ਮੁਕਾਬਲੇ ਵਿੱਚ ਮੱਧ ਪ੍ਰਦੇਸ਼ ਦੀ ਟੀਮ ਨੂੰ ਹਰਾ ਕੇ ਸੋਨ ਤਮਗਾ ਆਪਣੇ ਨਾਮ ਕੀਤਾ।

ਇਸੇ ਤਰ੍ਹਾਂ ਕੰਪਾਊਂਡ ਮਹਿਲਾ ਟੀਮ, ਜਿਸ ਵਿੱਚ ਪਰਨੀਤ ਕੌਰ, ਜਸਵੀਰ ਕੌਰ, ਅਵਨੀਤ ਕੌਰ ਅਤੇ ਮਨਰੂਪ ਕੌਰ ਸ਼ਾਮਲ ਸਨ, ਨੇ ਫਾਈਨਲ ਵਿੱਚ ਉੱਤਰ ਪ੍ਰਦੇਸ਼ ਦੀ ਟੀਮ ਨੂੰ ਮਾਤ ਦੇ ਕੇ ਸੋਨ ਤਮਗਾ ਜਿੱਤਿਆ।

ਇਸ ਸ਼ਾਨਦਾਰ ਸਫਲਤਾ ਪਿੱਛੇ ਕੋਚ ਗੌਰਵ ਸ਼ਰਮਾ ਦੀ ਮਿਹਨਤ, ਸਹੀ ਮਾਰਗਦਰਸ਼ਨ ਅਤੇ ਖਿਡਾਰੀਆਂ ਦੀ ਲਗਨ ਤੇ ਸਮਰਪਣ ਦਾ ਅਹਿਮ ਯੋਗਦਾਨ ਰਿਹਾ।

ਪੰਜਾਬ ਦੇ ਕਿਸਾਨਾਂ ਦੇ ਹੱਕ 'ਚ ਬੋਲਣ ਕਾਰਨ ਸ਼ਿਵਰਾਜ ਚੌਹਾਨ ਦੀ ਜਾ ਸਕਦੀ ਹੈ ਕੈਬਨਿਟ ਕੁਰਸੀ: 'ਆਪ'

ਨਵੀਂ ਦਿੱਲੀ, 18 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਆਮ ਆਦਮੀ ਪਾਰਟੀ (ਆਪ) ਦੇ ਦਿੱਲੀ ਪ੍ਰਧਾਨ ਸੌਰਭ ਭਾਰਦਵਾਜ ਨੇ ਬੁੱਧਵਾਰ ਨੂੰ ਦਾਅਵਾ ਕੀਤਾ ਹੈ ਕਿ ਹਵਾ ਪ੍ਰਦੂਸ਼ਣ ਦੇ ਮੁੱਦੇ 'ਤੇ ਪੰਜਾਬ ਦੇ ਕਿਸਾਨਾਂ ਦੇ ਹੱਕ ਵਿੱਚ ਬੋਲਣ ਕਾਰਨ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੂੰ ਆਪਣਾ ਕੈਬਨਿਟ ਅਹੁਦਾ ਗੁਆਉਣਾ ਪੈ ਸਕਦਾ ਹੈ। ਚੌਹਾਨ ਦੇ ਉਸ ਬਿਆਨ, ਜਿਸ ਵਿੱਚ ਉਨ੍ਹਾਂ ਵਿਗਿਆਨਕ ਅੰਕੜਿਆਂ ਦੇ ਆਧਾਰ 'ਤੇ ਕਿਹਾ ਸੀ ਕਿ ਦਿੱਲੀ ਦੇ ਪ੍ਰਦੂਸ਼ਣ ਲਈ ਕਿਸਾਨਾਂ ਨੂੰ ਦੋਸ਼ੀ ਨਹੀਂ ਠਹਿਰਾਇਆ ਜਾਣਾ ਚਾਹੀਦਾ, 'ਤੇ ਪ੍ਰਤੀਕਿਰਿਆ ਦਿੰਦਿਆਂ ਭਾਰਦਵਾਜ ਨੇ ਕਿਹਾ ਕਿ ਪੰਜਾਬ ਦੀ ਕਿਸਾਨੀ ਦਾ ਪੱਖ ਪੂਰਨ ਕਰਕੇ ਕੇਂਦਰੀ ਮੰਤਰੀ ਨੂੰ ਇਸ ਦੇ ਨਤੀਜੇ ਭੁਗਤਣੇ ਪੈ ਸਕਦੇ ਹਨ।

ਸੌਰਭ ਭਾਰਦਵਾਜ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ (✓) 'ਤੇ ਇਕ ਪੋਸਟ ਸਾਂਝੀ ਕਰਦਿਆਂ ਲਿਖਿਆ ਕਿ ਉਨ੍ਹਾਂ ਨੂੰ ਸ਼ਿਵਰਾਜ ਸਿੰਘ ਚੌਹਾਨ ਦੀ ਬਹੁਤ ਚਿੰਤਾ ਹੋ ਰਹੀ ਹੈ, ਕਿਉਂਕਿ ਪੰਜਾਬ ਦੇ ਕਿਸਾਨਾਂ ਦੇ ਹੱਕ ਵਿੱਚ ਸੱਚ ਬੋਲਣ ਕਾਰਨ ਉਨ੍ਹਾਂ ਦੀ ਕੈਬਨਿਟ ਕੁਰਸੀ ਖੁੱਸ ਸਕਦੀ ਹੈ। ਉਨ੍ਹਾਂ ਕਿਹਾ ਕਿ ਚੌਹਾਨ ਨੇ ਵਿਗਿਆਨਕ ਤੱਥਾਂ ਦੇ ਹਵਾਲੇ ਨਾਲ ਸਪੱਸ਼ਟ ਕੀਤਾ ਹੈ ਕਿ ਦਿੱਲੀ ਦੀ ਹਵਾ ਖ਼ਰਾਬ ਹੋਣ ਪਿੱਛੇ ਕਿਸਾਨਾਂ ਨੂੰ ਜ਼ਿੰਮੇਵਾਰ ਦੱਸਣਾ ਸਹੀ ਨਹੀਂ ਹੈ। ਇਹ ਸਿਆਸੀ ਬਿਆਨਬਾਜ਼ੀ ਅਜਿਹੇ ਸਮੇਂ ਹੋ ਰਹੀ ਹੈ ਜਦੋਂ ਦਿੱਲੀ ਦੀ ਵਿਗੜਦੀ ਹਵਾ ਦੀ ਗੁਣਵੱਤਾ ਲਈ ਪੰਜਾਬ ਅਤੇ ਗੁਆਂਢੀ ਸੂਬਿਆਂ ਵਿੱਚ ਪਰਾਲੀ ਸਾੜਨ ਦੇ ਯੋਗਦਾਨ ਨੂੰ ਲੈ ਕੇ ਲਗਾਤਾਰ ਬਹਿਸ ਛਿੜੀ ਹੋਈ ਹੈ ਅਤੇ ਮੌਸਮੀ ਪ੍ਰਦੂਸ਼ਣ ਲਈ ਅਕਸਰ ਕਿਸਾਨਾਂ ਨੂੰ ਹੀ ਨਿਸ਼ਾਨਾ ਬਣਾਇਆ ਜਾਂਦਾ ਹੈ।

'ਆਪ' ਆਗੂ ਦੇ ਇਸ ਬਿਆਨ ਰਾਹੀਂ ਇਸ ਮੁੱਦੇ ਦੀ ਸਿਆਸੀ ਸੰਵੇਦਨਸ਼ੀਲਤਾ, ਖ਼ਾਸ ਕਰਕੇ ਕਿਸਾਨਾਂ ਪ੍ਰਤੀ ਕੇਂਦਰ ਸਰਕਾਰ ਦੇ ਰੁਖ਼ ਅਤੇ ਕੌਮੀ ਰਾਜਧਾਨੀ ਵਿੱਚ ਹਵਾ ਪ੍ਰਦੂਸ਼ਣ ਦੇ ਅਸਲ ਕਾਰਨਾਂ ਨੂੰ ਉਭਾਰਨ ਦੀ ਕੋਸ਼ਿਸ਼ ਕੀਤੀ ਗਈ ਹੈ।

ਜ਼ਿਕਰਯੋਗ ਹੈ ਕਿ ਮੰਗਲਵਾਰ ਨੂੰ ਪੰਜਾਬ ਦੌਰੇ ਦੌਰਾਨ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਸੀ ਕਿ ਪ੍ਰਦੂਸ਼ਣ ਜਾਂ ਵਾਤਾਵਰਨ ਦੇ ਵਿਗਾੜ ਲਈ ਕਿਸਾਨਾਂ ਨੂੰ ਦੋਸ਼ੀ ਠਹਿਰਾਉਣਾ ਗ਼ਲਤ ਹੈ।

ਚੌਹਾਨ ਨੇ ਝੋਨੇ ਦੀ ਪਰਾਲੀ ਸਾੜਨ ਦੀ ਬਜਾਏ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਦੇ ਤਰੀਕੇ ਅਪਣਾਉਣ ਲਈ ਕਿਸਾਨਾਂ ਦੀ ਸ਼ਲਾਘਾ ਕਰਦਿਆਂ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ ਹੋਈ ਇਤਿਹਾਸਕ ਕਮੀ ਦਾ ਜ਼ਿਕਰ ਕੀਤਾ ਸੀ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ.) ਵਿਖੇ ਪਰਾਲੀ ਪ੍ਰਬੰਧਨ ਦੇ ਤਜਰਬਿਆਂ ਦੀ ਤਾਰੀਫ਼ ਕੀਤੀ ਸੀ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਸੀ ਕਿ ਪ੍ਰਦੂਸ਼ਣ ਲਈ ਕਈ ਹੋਰ ਕਾਰਕ ਵੀ ਜ਼ਿੰਮੇਵਾਰ ਹਨ ਅਤੇ ਇਸ ਲਈ ਇਕੱਲੇ ਕਿਸਾਨਾਂ ਨੂੰ ਹੀ ਕਟਹਿਰੇ ਵਿੱਚ ਖੜ੍ਹਾ ਨਹੀਂ ਕੀਤਾ ਜਾਣਾ ਚਾਹੀਦਾ।

ਵਿਧਾਨ ਸਭਾ ਚੋਣਾਂ-2027 ਦੀਆਂ ਤਿਆਰੀਆਂ ਤਹਿਤ ਸਰਕਾਰੀ ਕਾਲਜ (ਲੜਕੀਆਂ) ਵਿਖੇ ਜ਼ਿਲ੍ਹਾ ਪੱਧਰੀ ਲੇਖ ਲਿਖਣ ਤੇ ਕੁਇਜ਼ ਮੁਕਾਬਲੇ ਕਰਵਾਏ

ਲੁਧਿਆਣਾ, 18 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ ਆਗਾਮੀ ਵਿਧਾਨ ਸਭਾ ਚੋਣਾਂ-2027 ਦੇ ਮੱਦੇਨਜ਼ਰ ਸਰਕਾਰੀ ਕਾਲਜ (ਲੜਕੀਆਂ) ਵਿਖੇ ਜ਼ਿਲ੍ਹਾ ਪੱਧਰੀ ਲੇਖ ਲਿਖਣ ਅਤੇ ਕੁਇਜ਼ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਕੁੱਲ 280 ਵਿਦਿਆਰਥੀਆਂ ਨੇ ਭਾਗ ਲਿਆ, ਜਿਨ੍ਹਾਂ ਵਿੱਚ 140 ਵਿਦਿਆਰਥੀ ਲੇਖ ਲਿਖਣ ਅਤੇ 140 ਕੁਇਜ਼ ਮੁਕਾਬਲੇ ਲਈ ਸ਼ਾਮਲ ਹੋਏ।

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਦਾ ਮੁੱਖ ਉਦੇਸ਼ ਨੌਜਵਾਨ ਵੋਟਰਾਂ ਨੂੰ ਆਪਣੇ ਵੋਟ ਦੇ ਅਧਿਕਾਰ ਅਤੇ ਲੋਕਤੰਤਰ ਵਿੱਚ ਵੋਟ ਦੀ ਮਹੱਤਤਾ ਪ੍ਰਤੀ ਜਾਗਰੂਕ ਕਰਨਾ ਹੈ। ਇਸ ਮੁਹਿੰਮ ਤਹਿਤ ਪਹਿਲਾਂ ਸੰਸਥਾ, ਸਕੂਲ, ਕਾਲਜ ਅਤੇ ਯੂਨੀਵਰਸਿਟੀ ਪੱਧਰ 'ਤੇ ਅਤੇ ਫਿਰ ਵਿਧਾਨ ਸਭਾ ਹਲਕਾ ਪੱਧਰ 'ਤੇ ਮੁਕਾਬਲੇ ਕਰਵਾਏ ਗਏ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਫਾਈਨਲ ਮੁਕਾਬਲਿਆਂ ਦੇ ਨਤੀਜੇ 20 ਨਵੰਬਰ ਨੂੰ ਐਲਾਨੇ ਜਾਣਗੇ ਅਤੇ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਸਵੀਪ ਗਤੀਵਿਧੀਆਂ ਰਾਹੀਂ ਵਿਦਿਆਰਥੀਆਂ ਦੇ ਨਾਲ-ਨਾਲ ਉਨ੍ਹਾਂ ਦੇ ਮਾਪਿਆਂ ਅਤੇ ਸਮਾਜ ਨੂੰ ਵੀ ਵੋਟ ਦੀ ਮਹ

ਸੁਨਾਮ ਦੇ ਸਟੇਡੀਅਮ ਵਿੱਚ ਲੰਮੀ ਛਾਲ ਲਈ ਮੈਦਾਨ ਦੇ ਇੱਕ ਪਾਸੇ ਬਣੇਗੀ ਪਿੱਟ : ਅਮਨ ਅਰੋੜਾ

➢ ਕੈਬਨਿਟ ਮੰਤਰੀ ਨੇ ਖਿਡਾਰੀਆਂ ਦੀ ਮੰਗ ਮੌਕੇ 'ਤੇ ਹੀ ਪ੍ਰਵਾਨ ਕੀਤੀ ➢ ਪਿੱਟ ਦੀ ਥਾਂ ਅਤੇ ਮਾਪਾਂ ਬਾਰੇ ਸਬੰਧਤ ਅਧਿਕਾਰੀਆਂ ਤੇ ਖੇਡ ਮਾਹਿਰਾਂ ਨਾਲ ਕੀਤਾ ਜਾਵੇਗਾ ਵਿਚਾਰ-ਵਟਾਂਦਰਾ

ਸੁਨਾਮ, 18 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਸੁਨਾਮ ਦੇ ਸਟੇਡੀਅਮ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਸਬੰਧੀ ਸਥਾਨਕ ਖਿਡਾਰੀਆਂ, ਕੋਚਾਂ, ਖੇਡ ਪ੍ਰੇਮੀਆਂ ਅਤੇ ਵਾਰਡ ਕੌਂਸਲਰਾਂ ਨਾਲ ਮੀਟਿੰਗ ਕੀਤੀ। ਉਨ੍ਹਾਂ ਨੇ ਖਿਡਾਰੀਆਂ ਦੀ ਮੰਗ ਮੌਕੇ 'ਤੇ ਹੀ ਪ੍ਰਵਾਨ ਕਰਦਿਆਂ ਕਿਹਾ ਕਿ ਸਟੇਡੀਅਮ ਦੇ ਮੈਦਾਨ ਵਿੱਚ ਲੰਮੀ ਛਾਲ ਲਈ ਰੇਤ ਵਾਲੀ ਪਿੱਟ ਮੈਦਾਨ ਦੇ ਇੱਕ ਪਾਸੇ ਬਣਾਈ ਜਾਵੇਗੀ।



ਮੀਟਿੰਗ ਦੌਰਾਨ ਖਿਡਾਰੀਆਂ ਅਤੇ ਵਾਰਡ ਨੁਮਾਇੰਦਿਆਂ ਨੇ ਦੱਸਿਆ ਕਿ ਇਲਾਕੇ ਦੇ ਸੈਂਕੜੇ ਬੱਚੇ ਅਤੇ ਨੌਜਵਾਨ ਰੋਜ਼ਾਨਾ ਇਸ ਸਟੇਡੀਅਮ ਵਿੱਚ ਅਭਿਆਸ ਕਰਨ ਆਉਂਦੇ ਹਨ। ਉਨ੍ਹਾਂ ਦੱਸਿਆ ਕਿ ਇੱਥੇ ਹਰ ਸਾਲ ਫੁੱਟਬਾਲ ਟੂਰਨਾਮੈਂਟ ਕਰਵਾਏ ਜਾਂਦੇ ਹਨ ਅਤੇ ਇਸ ਮੈਦਾਨ ਤੋਂ ਆਪਣਾ ਖੇਡ ਸਫ਼ਰ ਸ਼ੁਰੂ ਕਰਨ ਵਾਲੇ ਕਈ ਖਿਡਾਰੀਆਂ ਨੇ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਸੁਨਾਮ ਦਾ ਨਾਂ ਰੌਸ਼ਨ ਕੀਤਾ ਹੈ। ਖਿਡਾਰੀਆਂ ਨੇ ਕੈਬਨਿਟ ਮੰਤਰੀ ਨੂੰ ਮੰਗ ਪੱਤਰ ਸੌਂਪਣ ਦੇ ਨਾਲ-ਨਾਲ ਪਿੱਟ ਲਈ ਸੁਝਾਈ ਥਾਂ ਦਾ ਨਕਸ਼ਾ ਅਤੇ ਲੋੜੀਂਦੇ ਮਾਪ ਵੀ ਪੇਸ਼ ਕੀਤੇ।

ਅਮਨ ਅਰੋੜਾ ਨੇ ਕਿਹਾ ਕਿ ਖਿਡਾਰੀਆਂ ਵੱਲੋਂ ਪੇਸ਼ ਕੀਤੇ ਨਕਸ਼ੇ ਅਤੇ ਮਾਪਾਂ ਬਾਰੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਅਤੇ ਖੇਡ ਮਾਹਿਰਾਂ ਨਾਲ ਛੇਤੀ ਵਿਚਾਰ-ਵਟਾਂਦਰਾ ਕਰਕੇ ਪਿੱਟ ਲਈ ਢੁੱਕਵੀਂ ਥਾਂ ਤੈਅ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਟੇਡੀਅਮ ਦੇ ਆਧੁਨਿਕੀਕਰਨ ਦੌਰਾਨ ਵੱਖ-ਵੱਖ ਖੇਡਾਂ ਦੇ ਖਿਡਾਰੀਆਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਿਆ ਜਾਵੇਗਾ, ਤਾਂ ਜੋ ਐਥਲੈਟਿਕਸ ਲਈ ਅਭਿਆਸ ਦੀ ਸਹੂਲਤ ਮਿਲੇ

ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਅਤੇ ਬੱਚਿਆਂ ਤੇ ਨੌਜਵਾਨਾਂ ਲਈ ਖੇਡ ਸਹੂਲਤਾਂ ਵਧਾਉਣ ਵਾਸਤੇ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਥਾਨਕ ਪੱਧਰ 'ਤੇ ਖੇਡ ਮੈਦਾਨ ਅਤੇ ਅਭਿਆਸ ਦੀਆਂ ਸਹੂਲਤਾਂ ਉਪਲਬਧ ਹੋਣ ਨਾਲ ਬੱਚਿਆਂ ਨੂੰ ਛੋਟੀ ਉਮਰ ਤੋਂ ਹੀ ਖੇਡਾਂ ਨਾਲ ਜੁੜਨ ਦਾ ਮੌਕਾ ਮਿਲਦਾ ਹੈ। ਉਨ੍ਹਾਂ ਕਿਹਾ ਕਿ ਖੇਡਾਂ ਨਾਲ ਜੁੜਿਆ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦਾ ਹੈ।

ਖਿਡਾਰੀਆਂ ਅਤੇ ਵਾਰਡ ਨੁਮਾਇੰਦਿਆਂ ਨੇ ਉਨ੍ਹਾਂ ਦੀ ਮੰਗ ਪ੍ਰਵਾਨ ਕਰਨ ਲਈ ਕੈਬਨਿਟ ਮੰਤਰੀ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਜ਼ਿਲ੍ਹਾ ਫੁਟਬਾਲ ਐਸੋਸੀਏਸ਼ਨ ਦੇ ਪ੍ਰਧਾਨ ਰਿਸ਼ੀਪਾਲ ਖੈਰਾ, ਅਹੁਦੇਦਾਰ ਨਰੇਸ਼ ਸ਼ਰਮਾ, ਯਸ਼ਪਾਲ ਮੰਗਲਾ, ਸੈਕਟਰੀ ਵਿਕਰਮ ਜੀ, ਅਨੁਰਿਧ ਵਸ਼ਿਸ਼ਟ, ਯਾਦਵਿੰਦਰ ਸਿੰਘ ਨਿਰਮਾਣ, ਭਾਨੂ ਪ੍ਰਤਾਪ, ਨੀਟੂ ਸਕਸੈਨਾ, ਰਜਿੰਦਰ ਕੁਮਾਰ,ਸਨੀ ਖਟਕ ਵੱਖ-ਵੱਖ ਵਾਰਡਾਂ ਦੇ ਕੌਂਸਲਰ, ,ਕੋਚ, ਖੇਡ ਪ੍ਰੇਮੀ ਅਤੇ ਵੱਡੀ ਗਿਣਤੀ ਵਿੱਚ ਨੌਜਵਾਨ ਖਿਡਾਰੀ ਹਾਜ਼ਰ ਸਨ।

ਹਲਕਾ ਸਨੌਰ 'ਚ ਗੌਰਵ ਸੰਧੂ ਨੂੰ ਮਿਲ ਰਿਹਾ ਲੋਕਾਂ ਦਾ ਭਰਵਾਂ ਸਮਰਥਨ



ਦੇਵੀਗੜ੍ਹ, 18 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਲਕਾ ਸਨੌਰ ਵਿੱਚ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਕਾਂਗਰਸ ਸੇਵਾ ਦਲ ਯੂਥ ਵਿੰਗ ਪੰਜਾਬ ਦੇ ਪ੍ਰਧਾਨ ਗੁਰਵਿੰਦਰ ਸਿੰਘ ਗੌਰਵ ਸੰਧੂ ਦੀਆਂ ਸਰਗਰਮੀਆਂ ਨੂੰ ਲਗਾਤਾਰ ਲੋਕਾਂ ਦਾ ਭਰਵਾਂ ਸਮਰਥਨ ਮਿਲ ਰਿਹਾ ਹੈ। ਇਸੇ ਲੜੀ ਤਹਿਤ ਗੌਰਵ ਸੰਧੂ ਵੱਲੋਂ ਰੋਜ਼ਾਨਾ ਦੇਵੀਗੜ੍ਹ ਖੇਤਰ ਨਾਲ ਸੰਬੰਧਿਤ ਅੱਧੀ ਦਰਜਨ ਪਿੰਡਾਂ ਦਾ ਦੌਰਾ ਕੀਤਾ ਜਾ ਰਿਹਾ, ਜਿੱਥੇ ਉਨ੍ਹਾਂ ਨੇ ਵੱਖ-ਵੱਖ ਵਰਗਾਂ ਦੇ ਲੋਕਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨਾਲ ਵਿਚਾਰ-ਵਟਾਂਦਰਾ ਕੀਤਾ। ਚਾਹੇ ਕਰਜਾ ਮੁਕਤੀ ਅਭਿਆਨ ਹੋਏ, ਚਾਹੇ ਪਿੰਡਾ ਚ ਗਰੀਬ ਲੋੜਵੰਦ ਬੱਚਿਆਂ ਲਈ ਮੁਫ਼ਤ ਟਿਊਸ਼ਨ ਸੈਂਟਰ ਖੋਲਣਾ ਅਤੇ ਮੁਫ਼ਤ ਕਪੀਆ ਵਡਣਾਂ ।

ਗੌਰਵ ਸੰਧੂ ਦੀ ਇਸ ਸੇਵਾ ਭਾਵਨਾ ਤੋਂ ਪ੍ਰਭਾਵਿਤ ਹੋ ਵਰਗ ਗੌਰਵ ਸੰਧੂ ਦੀ ਤਾਰੀਫ਼ ਕਰ ਰਿਹਾ।

ਜ਼ਿਕਰਯੋਗ ਹੈ ਕਿ ਗੌਰਵ ਸੰਧੂ ਹਲਕਾ ਸਨੌਰ ਵਿੱਚ ਕਾਂਗਰਸ ਪਾਰਟੀ ਦੇ ਇੱਕ ਸਰਗਰਮ ਅਤੇ ਨਿਧੜਕ ਆਗੂ ਵਜੋਂ ਆਪਣੀ ਪਛਾਣ ਬਣਾ ਚੁੱਕੇ ਹਨ। ਉਹ ਲੋਕਾਂ ਦੀਆਂ ਮੁਸ਼ਕਲਾਂ ਅਤੇ ਸਥਾਨਕ ਮਸਲਿਆਂ ਨੂੰ ਉਠਾਉਣ ਦੇ ਨਾਲ-ਨਾਲ ਆਪਣੇ ਹਲਕੇ ਦੇ ਲੋਕਾਂ ਦੇ ਦੁੱਖ-ਸੁੱਖ ਵਿੱਚ ਵੀ ਹਮੇਸ਼ਾ ਮੋਹਰੀ ਹੋ ਕੇ ਸਾਥ ਨਿਭਾਉਂਦੇ ਆ ਰਹੇ ਹਨ।

ਇਸ ਤੋਂ ਇਲਾਵਾ ਕਾਂਗਰਸ ਪਾਰਟੀ ਦੀਆਂ ਖੇਤਰੀ ਅਤੇ ਕੌਮੀ ਪੱਧਰ ਦੀਆਂ ਮੁਹਿੰਮਾਂ ਵਿੱਚ ਵੀ ਉਹ ਆਪਣੇ ਸਾਥੀਆਂ ਸਮੇਤ ਪੂਰੀ ਸਰਗਰਮੀ ਅਤੇ ਜੋਸ਼ ਨਾਲ ਸ਼ਮੂਲੀਅਤ ਕਰਦੇ ਆ ਰਹੇ ਹਨ।

ਇਨ੍ਹਾਂ ਪਿੰਡਾਂ ਦੇ ਦੌਰਿਆਂ ਦੌਰਾਨ ਬਜ਼ੁਰਗਾਂ, ਮਾਤਾਵਾਂ-ਭੈਣਾਂ ਅਤੇ ਨੌਜਵਾਨਾਂ ਵੱਲੋਂ ਮਿਲ ਰਿਹਾ ਪਿਆਰ, ਸਤਿਕਾਰ ਅਤੇ ਭਰੋਸਾ ਗੌਰਵ ਸੰਧੂ ਦੀ ਲੋਕਾਂ ਵਿੱਚ ਵਧ ਰਹੀ ਹਰਮਨਪਿਆਰਤਾ ਨੂੰ ਦਰਸਾਉਂਦਾ ਹੈ। ਲੋਕਾਂ ਦਾ ਇਹ ਉਤਸ਼ਾਹ ਉਨ੍ਹਾਂ ਦੀ ਲੋਕਾਂ ਨਾਲ ਮਜ਼ਬੂਤ ਸਾਂਝ ਅਤੇ ਜ਼ਮੀਨੀ ਪੱਧਰ 'ਤੇ ਬਣੀ ਪਕੜ ਦੀ ਗਵਾਹੀ ਭਰਦਾ ਹੈ।

ਹਲਕਾ ਸਨੌਰ 'ਚ ਗੌਰਵ ਸੰਧੂ ਦੀ ਦਿਨੋਂ-ਦਿਨ ਵੱਧ ਰਹੀ ਮਕਬੂਲੀਅਤ ਅਤੇ ਲੋਕਾਂ ਵੱਲੋਂ ਮਿਲ ਰਿਹਾ ਪਿਆਰ ਤੇ ਸਤਿਕਾਰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਜਿੱਤ ਦਾ ਰਾਹ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗਾ।

ਖੇਡਾਂ ਵਤਨ ਪੰਜਾਬ ਦੀਆਂ ਵਿੱਚ ਟੈਗੋਰ ਇੰਟਰਨੈਸ਼ਨਲ ਸਕੂਲ ਦੇ ਖਿਡਾਰੀਆਂ ਨੇ ਚਮਕਾਇਆ ਨਾਮ; ਕਾਰਤਿਕ ਨੇ ਜਿੱਤਿਆ ਸੋਨੇ ਦਾ ਤਮਗਾ, ਲਵਪ੍ਰੀਤ ਨੇ ਕਾਂਸੀ ਅਤੇ ਪਰੀ ਨੇ ਚਾਂਦੀ ਦਾ ਤਮਗਾ ਕੀਤਾ ਆਪਣੇ ਨਾਮ

ਪਟਿਆਲਾ, 18 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਟੈਗੋਰ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਲਈ ਇਹ ਬੇਹੱਦ ਮਾਣ, ਖੁਸ਼ੀ ਅਤੇ ਗੌਰਵ ਦਾ ਪਲ ਹੈ ਕਿ ਸਕੂਲ ਦੇ ਤਿੰਨ ਹੋਣਹਾਰ ਵਿਦਿਆਰਥੀਆਂ ਨੇ ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ ਦੇ ਸਟੇਟ ਲੈਵਲ ਹੈਂਡਬਾਲ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਤਮਗੇ ਜਿੱਤ ਕੇ ਸਕੂਲ, ਆਪਣੇ ਮਾਪਿਆਂ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਇਨ੍ਹਾਂ ਮੁਕਾਬਲਿਆਂ ਵਿੱਚ ਅੱਠਵੀਂ ਜਮਾਤ ਦੇ ਹੋਣਹਾਰ ਵਿਦਿਆਰਥੀ ਕਾਰਤਿਕ ਨੇ ਅੰਡਰ-17 ਵਰਗ ਵਿੱਚ ਸੋਨੇ ਦਾ ਤਮਗਾ ਜਿੱਤ ਕੇ ਪਹਿਲਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਸੱਤਵੀਂ ਜਮਾਤ ਦੇ ਵਿਦਿਆਰਥੀ ਲਵਪ੍ਰੀਤ ਗਿਰੀ ਨੇ ਅੰਡਰ-14 ਵਰਗ ਵਿੱਚ ਕਾਂਸੀ ਦਾ ਤਮਗਾ ਜਿੱਤ ਕੇ ਆਪਣੀ ਖੇਡ ਪ੍ਰਤਿਭਾ ਦਾ ਲੋਹਾ ਮਨਵਾਇਆ। ਉੱਥੇ ਹੀ ਬਾਰ੍ਹਵੀਂ ਜਮਾਤ ਦੀ ਹੋਣਹਾਰ ਵਿਦਿਆਰਥਣ ਪਰੀ ਨੇ ਅੰਡਰ-21 ਵਰਗ ਵਿੱਚ ਚਾਂਦੀ ਦਾ ਤਮਗਾ ਜਿੱਤ ਕੇ ਸਕੂਲ ਦੀਆਂ ਪ੍ਰਾਪਤੀਆਂ ਵਿੱਚ ਇੱਕ ਹੋਰ ਸੁਨਹਿਰੀ ਅਧਿਆਇ ਜੋੜ ਦਿੱਤਾ।



ਤਿੰਨਾਂ ਵਿਦਿਆਰਥੀਆਂ ਦੀ ਇਹ ਸਫ਼ਲਤਾ ਉਨ੍ਹਾਂ ਦੀ ਸਖ਼ਤ ਮਿਹਨਤ, ਅਟੁੱਟ ਲਗਨ, ਅਨੁਸ਼ਾਸਨ, ਦ੍ਰਿੜ੍ਹ ਇਰਾਦੇ ਅਤੇ ਖੇਡਾਂ ਪ੍ਰਤੀ ਸਮਰਪਣ ਦਾ ਨਤੀਜਾ ਹੈ। ਉਨ੍ਹਾਂ ਨੇ ਆਪਣੀ ਪ੍ਰਤਿਭਾ ਅਤੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਇਹ ਸਾਬਤ ਕਰ ਦਿੱਤਾ ਹੈ ਕਿ ਜੇਕਰ ਮਨ ਵਿੱਚ ਕੁਝ ਕਰ ਗੁਜ਼ਰਨ ਦਾ ਜਜ਼ਬਾ ਹੋਵੇ ਤਾਂ ਕੋਈ ਵੀ ਮੰਜ਼ਿਲ ਦੂਰ ਨਹੀਂ ਹੁੰਦੀ। ਇਨ੍ਹਾਂ ਨੌਜਵਾਨ ਖਿਡਾਰੀਆਂ ਦੀਆਂ ਪ੍ਰਾਪਤੀਆਂ ਨਾ ਸਿਰਫ਼ ਸਕੂਲ ਲਈ ਮਾਣ ਵਾਲੀ ਗੱਲ ਹਨ, ਸਗੋਂ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਦਾ ਸਰੋਤ ਹਨ।

ਇਸ ਮਾਣਮੱਤੀ ਪ੍ਰਾਪਤੀ 'ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ਼੍ਰੀ ਗੌਰਵ ਗੁਲਾਟੀ, ਪ੍ਰੈਜ਼ੀਡੈਂਟ ਸ਼੍ਰੀਮਤੀ ਸਲੋਨੀ ਗੁਲਾਟੀ, ਮੈਨੇਜਰ ਡਾ. ਸੁਸ਼ੀਲ ਮਿਸ਼ਰਾ ਅਤੇ ਪ੍ਰਿੰਸੀਪਲ ਡਾ. ਮੀਨਾਕਸ਼ੀ ਸੂਦ ਨੇ ਤਿੰਨਾਂ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀਆਂ ਦੀਆਂ ਇਹ ਪ੍ਰਾਪਤੀਆਂ ਉਨ੍ਹਾਂ ਦੀ ਮਿਹਨਤ ਅਤੇ ਸਮਰਪਣ ਦਾ ਨਤੀਜਾ ਹਨ। ਸਕੂਲ ਦਾ ਮਕਸਦ ਸਿਰਫ਼ ਬੱਚਿਆਂ ਨੂੰ ਕਿਤਾਬੀ ਗਿਆਨ ਦੇਣਾ ਹੀ ਨਹੀਂ, ਸਗੋਂ ਉਨ੍ਹਾਂ ਦੀਆਂ ਛੁਪੀਆਂ ਪ੍ਰਤਿਭਾਵਾਂ ਨੂੰ ਨਿਖਾਰ ਕੇ ਉਨ੍ਹਾਂ ਨੂੰ ਹਰ ਖੇਤਰ ਵਿੱਚ ਸਫ਼ਲ ਬਣਾਉਣਾ ਵੀ ਹੈ। ਖੇਡਾਂ ਬੱਚਿਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਟੀਮ ਭਾਵਨਾ, ਸਹਿਯੋਗ ਅਤੇ ਮੁਸ਼ਕਲਾਂ ਦਾ ਸਾਹਮਣਾ ਕਰਨ ਦੀ ਹਿੰਮਤ ਪੈਦਾ ਕਰਦੀਆਂ ਹਨ।

ਇਸ ਮੌਕੇ ਸਕੂਲ ਦੇ ਹੈਂਡਬਾਲ ਕੋਚ ਸ਼੍ਰੀ ਲਤੀਫ ਮੁਹੰਮਦ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ ਗਈ, ਜਿਨ੍ਹਾਂ ਦੀ ਮਿਹਨਤ, ਸਹੀ ਸਿਖਲਾਈ ਅਤੇ ਯੋਗ ਮਾਰਗਦਰਸ਼ਨ ਸਦਕਾ ਵਿਦਿਆਰਥੀਆਂ ਨੇ ਇਹ ਮੁਕਾਮ ਹਾਸਲ ਕੀਤਾ ਹੈ।

ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਜਦੋਂ ਬੱਚਿਆਂ ਦੀ ਮਿਹਨਤ ਨੂੰ ਸਹੀ ਦਿਸ਼ਾ ਅਤੇ ਉਤਸ਼ਾਹ ਮਿਲਦਾ ਹੈ ਤਾਂ ਉਹ ਸਫ਼ਲਤਾ ਦੀਆਂ ਨਵੀਆਂ ਉਚਾਈਆਂ ਛੂਹ ਸਕਦੇ ਹਨ। ਉਨ੍ਹਾਂ ਨੇ ਤਿੰਨਾਂ ਖਿਡਾਰੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਿਆਂ ਆਸ ਪ੍ਰਗਟਾਈ ਕਿ ਇਹ ਵਿਦਿਆਰਥੀ ਆਉਣ ਵਾਲੇ ਸਮੇਂ ਵਿੱਚ ਵੀ ਆਪਣੀ ਖੇਡ ਪ੍ਰਤਿਭਾ ਦੇ ਦਮ 'ਤੇ ਹੋਰ ਵੱਡੀਆਂ ਪ੍ਰਾਪਤੀਆਂ ਹਾਸਲ ਕਰਕੇ ਸਕੂਲ, ਮਾਪਿਆਂ ਅਤੇ ਪੰਜਾਬ ਦਾ ਨਾਮ ਰੌਸ਼ਨ ਕਰਦੇ ਰਹਿਣਗੇ

ਖੇਡਾਂ ਵਤਨ ਪੰਜਾਬ ਦੀਆਂ-2026 ਤਹਿਤ ਫਤਹਿਗੜ੍ਹ ਸਾਹਿਬ ਵਿਖੇ ਰਾਜ ਪੱਧਰੀ ਜੂਡੋ, ਸਾਫਟਬਾਲ ਅਤੇ ਗੱਤਕਾ ਮੁਕਾਬਲੇ ਸ਼ੁਰੂ



ਫ਼ਤਹਿਗੜ੍ਹ ਸਾਹਿਬ, 18 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਮਕਸਦ ਨਾਲ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਜੂਡੋ, ਸਾਫਟਬਾਲ ਅਤੇ ਗੱਤਕਾ ਦੇ ਰਾਜ ਪੱਧਰੀ ਖੇਡ ਮੁਕਾਬਲੇ 23 ਨਵੰਬਰ 2026 ਤੱਕ ਵੱਖ-ਵੱਖ ਖੇਡ ਸਥਾਨਾਂ 'ਤੇ ਕਰਵਾਏ ਜਾ ਰਹੇ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫਸਰ ਸ੍ਰੀ ਹਰਪਿੰਦਰ ਸਿੰਘ ਨੇ ਦੱਸਿਆ ਕਿ ਗੱਤਕਾ ਦੇ ਰਾਜ ਪੱਧਰੀ ਖੇਡ ਮੁਕਾਬਲਿਆਂ ਦੀ ਸ਼ੁਰੂਆਤ ਹੰਸਾਲੀ ਵਾਲੇ ਬਾਬਾ ਸ੍ਰੀ ਪਰਮਜੀਤ ਸਿੰਘ ਜੀ ਦੇ ਆਸ਼ੀਰਵਾਦ ਨਾਲ ਕਰਵਾਈ ਗਈ।

ਜ਼ਿਲ੍ਹਾ ਖੇਡ ਅਫਸਰ ਨੇ ਦੱਸਿਆ ਕਿ ਰਾਜ ਪੱਧਰੀ ਮੁਕਾਬਲਿਆਂ ਦੇ ਪਹਿਲੇ ਦਿਨ ਜੂਡੋ ਦੇ ਅੰਡਰ-14 ਲੜਕਿਆਂ ਦੇ 60 ਕਿਲੋਗ੍ਰਾਮ ਭਾਰ ਵਰਗ ਵਿੱਚ ਦਿਵਾਂਸ਼ੂ (ਗੁਰਦਾਸਪੁਰ) ਨੇ ਪਹਿਲਾ, ਸੁਮਿਤ (ਹੁਸ਼ਿਆਰਪੁਰ) ਨੇ ਦੂਜਾ ਅਤੇ ਸ਼ਿਵਜੋਤ ਸਿੰਘ (ਮੋਗਾ) ਤੇ ਮੋਹਿਤ (ਲੁਧਿਆਣਾ) ਨੇ ਤੀਜਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ 66 ਕਿਲੋਗ੍ਰਾਮ ਭਾਰ ਵਰਗ ਵਿੱਚ ਜਪਨੂਰ ਸਿੰਘ (ਗੁਰਦਾਸਪੁਰ) ਨੇ ਪਹਿਲਾ, ਨਕਸ਼ (ਅੰਮ੍ਰਿਤਸਰ) ਨੇ ਦੂਜਾ ਅਤੇ ਏਕਮਜੋਤ ਸਿੰਘ (ਫਰੀਦਕੋਟ) ਤੇ ਲਕਸ਼ੇ ਸ਼ਰਮਾ (ਹੁਸ਼ਿਆਰਪੁਰ) ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਉਨ੍ਹਾਂ ਦੱਸਿਆ ਕਿ ਸਾਫਟਬਾਲ ਦੇ ਅੰਡਰ-14 ਲੜਕਿਆਂ ਦੇ ਪਹਿਲੇ ਰਾਊਂਡ ਦੇ ਨਾਕਆਊਟ ਮੁਕਾਬਲੇ ਵਿੱਚ ਜਲੰਧਰ ਦੀ ਟੀਮ ਨੇ ਐਸ.ਏ.ਐਸ. ਨਗਰ ਦੀ ਟੀਮ ਨੂੰ 16-2 ਦੇ ਫਰਕ ਨਾਲ ਹਰਾਇਆ। ਇਸੇ ਤਰ੍ਹਾਂ ਅੰਡਰ-21 ਲੜਕਿਆਂ ਦੇ ਮੁਕਾਬਲਿਆਂ ਵਿੱਚ ਮੁਕਤਸਰ ਦੀ ਟੀਮ ਨੇ ਮੋਗਾ ਦੀ ਟੀਮ ਨੂੰ 7-0 ਨਾਲ ਅਤੇ ਫਾਜ਼ਿਲਕਾ ਦੀ ਟੀਮ ਨੇ ਐਸ.ਏ.ਐਸ. ਨਗਰ ਦੀ ਟੀਮ ਨੂੰ 11-1 ਦੇ ਫਰਕ ਨਾਲ ਹਰਾ ਕੇ ਜਿੱਤ ਦਰਜ ਕੀਤੀ।

ਜ਼ਿਲ੍ਹਾ ਖ਼ਜ਼ਾਨਾ ਦਫ਼ਤਰ ਹੁਸ਼ਿਆਰਪੁਰ ਵਿਖੇ ਲੱਗੇਗਾ ਪੈਨਸ਼ਨਰ ਸੇਵਾ ਮੇਲਾ

ਹੁਸ਼ਿਆਰਪੁਰ, 18 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਅਤੇ ਪਰਿਵਾਰਕ ਪੈਨਸ਼ਨਰਾਂ ਦੀ ਸਹੂਲਤ ਲਈ ਪੈਨਸ਼ਨ ਸੇਵਾ ਪੋਰਟਲ ਸ਼ੁਰੂ ਕੀਤਾ ਗਿਆ ਹੈ। ਇਸ ਪੋਰਟਲ ਰਾਹੀਂ ਪੈਨਸ਼ਨ ਸਬੰਧੀ ਸੇਵਾਵਾਂ ਦਾ ਲਾਭ ਲੈਣ ਲਈ ਪੈਨਸ਼ਨਰਾਂ ਦੀ ਈ-ਕੇਵਾਈਸੀ ਕਰਵਾਉਣੀ ਅਤੇ ਡਿਜੀਟਲ ਜੀਵਨ ਸਰਟੀਫਿਕੇਟ ਅਪਲੋਡ ਕਰਨਾ ਲਾਜ਼ਮੀ ਹੈ। ਇਸੇ ਉਦੇਸ਼ ਨਾਲ ਜ਼ਿਲ੍ਹਾ ਖ਼ਜ਼ਾਨਾ ਦਫ਼ਤਰ ਹੁਸ਼ਿਆਰਪੁਰ ਵਿਖੇ ਜ਼ਿਲ੍ਹਾ ਪੱਧਰੀ ਪੈਨਸ਼ਨਰ ਸੇਵਾ ਮੇਲਾ ਲਗਾਇਆ ਜਾ ਰਿਹਾ ਹੈ।

ਜਨਗਣਨਾ-2027: ਸਵੈ

ਪਿੰਡ ਜਹਾਂਗੀਰ ਸਥਿਤ ਹਾਰਪ ਕੈਮੀਕਲਜ਼ ਫੈਕਟਰੀ ਦੀ ਜਾਂਚ ਅਤੇ ਸੈਂਪਲਿੰਗ ਲਈ ਵਿਸ਼ੇਸ਼ ਮਾਹਿਰ ਟੀਮਾਂ ਪਹੁੰਚੀਆਂ

ਧੂਰੀ, 18 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪਿੰਡ ਜਹਾਂਗੀਰ ਸਥਿਤ ਹਾਰਪ ਕੈਮੀਕਲਜ਼ ਫੈਕਟਰੀ ਸਬੰਧੀ ਆਸ-ਪਾਸ ਦੇ ਪਿੰਡਾਂ ਦੇ ਵਸਨੀਕਾਂ ਵੱਲੋਂ ਪ੍ਰਗਟਾਈਆਂ ਜਾ ਰਹੀਆਂ ਚਿੰਤਾਵਾਂ ਅਤੇ ਖਦਸ਼ਿਆਂ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਅੱਜ ਸਾਂਝੇ ਤੌਰ @ਤੇ ਵਿਆਪਕ ਜਾਂਚ ਅਤੇ ਸੈਂਪਲਿੰਗ ਮੁਹਿੰਮ ਚਲਾਈ ਗਈ। ਇਸ ਤਹਿਤ ਕੌਮੀ ਪੱਧਰ ਦੀਆਂ ਮਾਹਿਰ ਸੰਸਥਾਵਾਂ ਨੈਸ਼ਨਲ ਇੰਸਟੀਚਿਊਟ ਆਫ਼ ਹਾਈਡ੍ਰੋਲੋਜੀ (ਐਨ.ਆਈ.ਐਚ.), ਰੁੜਕੀ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀਆਂ ਟੀਮਾਂ ਵੱਲੋਂ ਪਾਣੀ, ਮਿੱਟੀ ਅਤੇ ਸੁਆਹ ਦੇ ਨਮੂਨੇ ਇਕੱਤਰ ਕੀਤੇ ਗਏ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸ.ਡੀ.ਐੱਮ. ਧੂਰੀ ਜਸਲੀਨ ਕੌਰ ਭੁੱਲਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮੁੱਚੀ ਜਾਂਚ ਪ੍ਰਕਿਰਿਆ ਪੂਰੀ ਪਾਰਦਰਸ਼ਤਾ ਨਾਲ ਨੇਪਰੇ ਚਾੜ੍ਹੀ ਜਾ ਰਹੀ ਹੈ। ਇਸ ਦਾ ਮੁੱਖ ਉਦੇਸ਼ ਵਿਗਿਆਨਕ ਜਾਂਚ ਅਤੇ ਤੱਥਾਂ ਦੇ ਆਧਾਰ @ਤੇ ਸਥਿਤੀ ਸਪੱਸ਼ਟ ਕਰਨਾ ਅਤੇ ਇਲਾਕਾ ਨਿਵਾਸੀਆਂ ਦੀ ਸਿਹਤ ਤੇ ਵਾਤਾਵਰਣ ਦੀ ਸੁਰੱਖਿਆ ਯਕੀਨੀ ਬਣਾਉਣਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਜਾਂਚ ਦੌਰਾਨ ਕਿਸੇ ਵੀ ਪੱਧਰ @ਤੇ ਵਾਤਾਵਰਣ ਸਬੰਧੀ ਨਿਰਧਾਰਤ ਮਾਪਦੰਡਾਂ ਜਾਂ ਨਿਯਮਾਂ ਦੀ ਉਲੰਘਣਾ ਸਾਹਮਣੇ ਆਉਂਦੀ ਹੈ ਤਾਂ ਸਬੰਧਤ ਕੰਪਨੀ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਐੱਸ.ਡੀ.ਐੱਮ. ਨੇ ਦੱਸਿਆ ਕਿ ਇਹ ਫੈਕਟਰੀ ਸਾਲ 2024 ਵਿੱਚ ਸਥਾਪਿਤ ਹੋਈ ਸੀ ਅਤੇ ਇੱਥੇ ਮੁੱਖ ਤੌਰ @ਤੇ ਇਥੇਨੌਲ ਦਾ ਉਤਪਾਦਨ ਕੀਤਾ ਜਾਂਦਾ ਹੈ। ਫਰਵਰੀ-ਮਾਰਚ 2026 ਦੌਰਾਨ ਫੈਕਟਰੀ ਸਬੰਧੀ ਸ਼ਿਕਾਇਤਾਂ ਪ੍ਰਾਪਤ ਹੋਣ ਤੋਂ ਬਾਅਦ 26 ਮਾਰਚ 2026 ਨੂੰ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਧਿਕਾਰੀਆਂ ਵੱਲੋਂ ਫੈਕਟਰੀ ਦੇ ਪ੍ਰਦੂਸ਼ਣ ਕੰਟਰੋਲ ਪ੍ਰਬੰਧਾਂ, ਜਿਨ੍ਹਾਂ ਵਿੱਚ ਐਫਲੂਐਂਟ ਟ੍ਰੀਟਮੈਂਟ ਪਲਾਂਟ (ਈ.ਟੀ.ਪੀ.) ਅਤੇ ਸੀਵਰੇਜ ਟ੍ਰੀਟਮੈਂਟ ਪਲਾਂਟ (ਐੱਸ.ਟੀ.ਪੀ.) ਸ਼ਾਮਲ ਹਨ, ਦੀ ਜਾਂਚ ਕੀਤੀ ਗਈ ਸੀ। ਉਸ ਸਮੇਂ ਪ੍ਰਾਪਤ ਰਿਪੋਰਟਾਂ ਅਨੁਸਾਰ ਇਨ੍ਹਾਂ ਪ੍ਰਬੰਧਾਂ ਦੇ ਨਤੀਜੇ ਨਿਰਧਾਰਤ ਮਾਪਦੰਡਾਂ ਦੇ ਅਨੁਕੂਲ ਪਾਏ ਗਏ ਸਨ।

ਉਨ੍ਹਾਂ ਦੱਸਿਆ ਕਿ 4 ਜੂਨ 2026 ਨੂੰ ਪਿੰਡ ਕਾਲਾਬੂਲਾ ਦੇ ਇੱਕ ਬੋਰਵੈੱਲ ਵਿੱਚੋਂ ਕੁਝ ਸਮੇਂ ਲਈ ਕਾਲੇ ਪਾਣੀ ਦੇ ਨਿਕਾਸ ਸਬੰਧੀ ਵੀਡੀਓ ਸਾਹਮਣੇ ਆਉਣ ਤੋਂ ਬਾਅਦ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀਆਂ ਸੰਗਰੂਰ ਅਤੇ ਪਟਿਆਲਾ ਦੀਆਂ ਟੀਮਾਂ ਨੇ ਮੌਕੇ @ਤੇ ਪਹੁੰਚ ਕੇ ਜਾਂਚ ਕੀਤੀ ਸੀ। ਇਸ ਦੌਰਾਨ ਫੈਕਟਰੀ ਦੇ ਅੰਦਰਲੇ ਦੋ ਬੋਰਵੈੱਲਾਂ ਸਮੇਤ ਪਿੰਡ ਜਹਾਂਗੀਰ, ਘਨੌਰੀ ਕਲਾਂ ਅਤੇ ਕਾਲਾਬੂਲਾ ਦੇ ਬੋਰਵੈੱਲਾਂ ਵਿੱਚੋਂ ਪਾਣੀ ਦੇ ਨਮੂਨੇ ਲਏ ਗਏ ਸਨ। ਇਸ ਤੋਂ ਇਲਾਵਾ 8 ਜੂਨ ਨੂੰ ਪਿੰਡ ਕਾਲਾਬੂਲਾ ਦੇ 500 ਤੋਂ 700 ਮੀਟਰ ਦੇ ਘੇਰੇ ਅੰਦਰਲੇ ਬੋਰਵੈੱਲਾਂ ਦੇ ਪਾਣੀ ਦੀ 30 ਵੱਖ-ਵੱਖ ਮਾਪਦੰਡਾਂ @ਤੇ ਜਾਂਚ ਕੀਤੀ ਗਈ ਸੀ।

ਉਨ੍ਹਾਂ ਅੱਗੇ ਦੱਸਿਆ ਕਿ ਅਗਸਤ ਅਤੇ ਸਤੰਬਰ ਮਹੀਨੇ ਦੌਰਾਨ ਪਿੰਡ ਵਾਸੀਆਂ ਅਤੇ ਸਰਪੰਚਾਂ ਵੱਲੋਂ ਮੁੜ ਸ਼ਿਕਾਇਤਾਂ ਪ੍ਰਾਪਤ ਹੋਣ @ਤੇ 18 ਅਗਸਤ ਅਤੇ 18 ਸਤੰਬਰ ਨੂੰ ਦੁਬਾਰਾ ਜਾਂਚ ਕੀਤੀ ਗਈ ਸੀ। 18 ਸਤੰਬਰ ਦੀ ਜਾਂਚ ਦੌਰਾਨ ਫੈਕਟਰੀ ਵਿੱਚੋਂ ਨਿਕਲਣ ਵਾਲੀ ਸੁਆਹ ਦੀ ਢੋਆ-ਢੁਆਈ ਸਮੇਂ ਪਾਣੀ ਦੀ ਲੀਕੇਜ ਦਾ ਮਾਮਲਾ ਸਾਹਮਣੇ ਆਇਆ ਸੀ। ਫੈਕਟਰੀ ਦੇ ਜ਼ੀਰੋ ਲਿਕਵਿਡ ਡਿਸਚਾਰਜ (ਜ਼ੈੱਡ.ਐੱਲ.ਡੀ.) ਪ੍ਰਬੰਧਾਂ ਦੇ ਮੱਦੇਨਜ਼ਰ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਕੰਪਨੀ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਗਿਆ ਸੀ। ਇਸ ਸਬੰਧੀ ਬੋਰਡ ਦੇ ਚੇਅਰਮੈਨ ਵੱਲੋਂ ਕੀਤੀ ਗਈ ਸੁਣਵਾਈ ਦੌਰਾਨ ਕੰਪਨੀ ਨੇ ਦੱਸਿਆ ਸੀ ਕਿ ਇਹ ਸੁਆਹ ਪਿੰਡ ਸਲੇਮਪੁਰ ਦੇ ਸਰਪੰਚ ਦੀ ਮੰਗ @ਤੇ ਉੱਥੋਂ ਦੇ ਖੇਡ ਮੈਦਾਨ ਵਿੱਚ ਪਾਉਣ ਲਈ ਭੇਜੀ ਜਾ ਰਹੀ ਸੀ। ਐੱਸ.ਡੀ.ਐੱਮ. ਨੇ ਦੱਸਿਆ ਕਿ ਜਾਂਚ ਪ੍ਰਕਿਰਿਆ ਨੂੰ ਹੋਰ ਪਾਰਦਰਸ਼ੀ ਬਣਾਉਣ ਅਤੇ ਪਿੰਡ ਵਾਸੀਆਂ ਦੀ ਤਸੱਲੀ ਯਕੀਨੀ ਬਣਾਉਣ ਲਈ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਚੇਅਰਮੈਨ ਵੱਲੋਂ ਇੱਕ ਸਾਂਝੀ ਕਮੇਟੀ ਦਾ ਗਠਨ ਕੀਤਾ ਗਿਆ ਹੈ। ਇਸ ਕਮੇਟੀ ਵਿੱਚ ਐੱਸ.ਡੀ.ਐੱਮ. ਧੂਰੀ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਕਾਰਜਕਾਰੀ ਇੰਜੀਨੀਅਰ ਅਤੇ ਪਿੰਡ ਵਾਸੀਆਂ ਦੀ ਨੁਮਾਇੰਦਾ ਕਮੇਟੀ ਨੂੰ ਸ਼ਾਮਲ ਕੀਤਾ ਗਿਆ ਹੈ। ਅੱਜ ਦੀ ਸੈਂਪਲਿੰਗ ਅਤੇ ਜਾਂਚ ਇਸੇ ਕਮੇਟੀ ਦੀ ਨਿਗਰਾਨੀ ਹੇਠ ਕਰਵਾਈ ਜਾ ਰਹੀ ਹੈ।

ਮੌਜੂਦਾ ਜਾਂਚ ਮੁਹਿੰਮ ਤਹਿਤ ਨੈਸ਼ਨਲ ਇੰਸਟੀਚਿਊਟ ਆਫ਼ ਹਾਈਡ੍ਰੋਲੋਜੀ, ਰੁੜਕੀ ਦੇ ਮਾਹਿਰਾਂ ਵੱਲੋਂ ਫੈਕਟਰੀ ਦੇ ਅੰਦਰਲੇ ਦੋ ਬੋਰਵੈੱਲਾਂ ਤੋਂ ਇਲਾਵਾ ਅਪਸਟ੍ਰੀਮ ਖੇਤਰ ਵਿੱਚ ਪੈਂਦੇ ਪਿੰਡ ਜਹਾਂਗੀਰ ਅਤੇ ਡਾਊਨਸਟ੍ਰੀਮ ਖੇਤਰਾਂ ਵਿੱਚ ਪੈਂਦੇ ਪਿੰਡ ਘਨੌਰੀ ਕਲਾਂ, ਕਾਲਾਬੂਲਾ ਅਤੇ ਬਮਾਲ ਦੇ ਬੋਰਵੈੱਲਾਂ ਵਿੱਚੋਂ ਪਾਣੀ ਦੇ ਨਮੂਨੇ ਇਕੱਤਰ ਕੀਤੇ ਜਾ ਰਹੇ ਹਨ। ਮਾਹਿਰ ਟੀਮਾਂ ਵੱਲੋਂ ਫੈਕਟਰੀ ਦੇ ਅੰਦਰ ਅਤੇ ਬਾਹਰ ਉਨ੍ਹਾਂ ਸਥਾਨਾਂ ਤੋਂ ਮਿੱਟੀ ਅਤੇ ਸੁਆਹ ਦੇ ਨਮੂਨੇ ਲਏ ਜਾ ਰਹੇ ਹਨ, ਜਿੱਥੇ ਸੁਆਹ ਪਾਈ ਗਈ ਹੈ, ਤਾਂ ਜੋ ਮਿੱਟੀ ਦੀ ਗੁਣਵੱਤਾ ਅਤੇ ਇਸ @ਤੇ ਪੈਣ ਵਾਲੇ ਸੰਭਾਵੀ ਪ੍ਰਭਾਵਾਂ ਦਾ ਵਿਗਿਆਨਕ ਵਿਸ਼ਲੇਸ਼ਣ ਕੀਤਾ ਜਾ ਸਕੇ। ਇਹ ਨਮੂਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਨੂੰ ਭੇਜੇ ਜਾਣਗੇ। ਇਸੇ ਤਰ੍ਹਾਂ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਵਿਸ਼ੇਸ਼ ਟੀਮ ਵੱਲੋਂ ਫੈਕਟਰੀ ਦੀ ਚਿਮਨੀ ਅਤੇ ਆਲੇ-ਦੁਆਲੇ ਦੇ ਖੇਤਰ ਦੀ ਹਵਾ ਦੀ ਗੁਣਵੱਤਾ ਦੇ ਨਮੂਨੇ ਲਏ ਜਾ ਰਹੇ ਹਨ।

ਇਸ ਤੋਂ ਇਲਾਵਾ ਖੇਤੀਬਾੜੀ ਅਤੇ ਭੂਮੀ ਰੱਖਿਆ ਵਿਭਾਗ ਨੂੰ ਆਸ-ਪਾਸ ਦੇ ਖੇਤਾਂ ਵਿੱਚ ਫਸਲਾਂ ਦੇ ਝਾੜ ਅਤੇ ਮਿੱਟੀ ਦੀ ਸਿਹਤ ਸਬੰਧੀ ਵਿਸਤ੍ਰਿਤ ਸਰਵੇਖਣ ਕਰਨ ਦੇ ਨਿਰਦੇਸ਼ ਵੀ ਦਿੱਤੇ ਗਏ ਹਨ, ਤਾਂ ਜੋ ਫੈਕਟਰੀ ਦੇ ਆਲੇ-ਦੁਆਲੇ ਦੇ ਖੇਤੀਬਾੜੀ ਖੇਤਰਾਂ ਦੀ ਸਥਿਤੀ ਦਾ ਮੁਲਾਂਕਣ ਕੀਤਾ ਜਾ ਸਕੇ।

ਪਿੰਡ ਵਾਸੀਆਂ ਵੱਲੋਂ ਪ੍ਰਗਟਾਈਆਂ ਗਈਆਂ ਸਿਹਤ ਸਬੰਧੀ ਚਿੰਤਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਭਲਕੇ ਤੋਂ ਪਿੰਡ ਵਿੱਚ ਵਿਸ਼ੇਸ਼ ਮੈਡੀਕਲ ਸਕ੍ਰੀਨਿੰਗ ਕੈਂਪ ਵੀ ਲਗਾਏ ਜਾਣਗੇ। ਇਸ ਸਬੰਧੀ ਵੱਖ-ਵੱਖ ਹਸਪਤਾਲਾਂ ਅਤੇ ਮੈਡੀਕਲ ਟੀਮਾਂ ਨਾਲ ਤਾਲਮੇਲ ਕੀਤਾ ਗਿਆ ਹੈ, ਤਾਂ ਜੋ ਪਿੰਡ ਵਾਸੀਆਂ ਦੀ ਮੁਫ਼ਤ ਸਿਹਤ ਜਾਂਚ ਕਰਕੇ ਉਨ੍ਹਾਂ ਦੀਆਂ ਸਿਹਤ ਸਮੱਸਿਆਵਾਂ ਦੀ ਪਛਾਣ ਕੀਤੀ ਜਾ ਸਕੇ ਅਤੇ ਲੋੜ ਅਨੁਸਾਰ ਇਲਾਜ ਯਕੀਨੀ ਬਣਾਇਆ ਜਾ ਸਕੇ।

ਐੱਸ.ਡੀ.ਐੱਮ. ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮੁੱਚੀ ਪ੍ਰਕਿਰਿਆ @ਤੇ ਨਿਰੰਤਰ ਨਜ਼ਰ ਰੱਖੀ ਜਾ ਰਹੀ ਹੈ ਅਤੇ ਸਾਰੀਆਂ ਸਬੰਧਤ ਸੰਸਥਾਵਾਂ ਦੇ ਸਹਿਯੋਗ ਨਾਲ ਵਿਗਿਆਨਕ ਢੰਗ ਨਾਲ ਜਾਂਚ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜਾਂਚ ਦੇ ਨਤੀਜਿਆਂ ਦੇ ਆਧਾਰ @ਤੇ ਅਗਲੀ ਕਾਰਵਾਈ ਕੀਤੀ ਜਾਵੇਗੀ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਵਾਤਾਵਰਣ ਸਬੰਧੀ ਨਿਰਧਾਰਤ ਮਾਪਦੰਡਾਂ ਦੀ ਪਾਲਣਾ ਹੋਵੇ ਅਤੇ ਇਲਾਕਾ ਨਿਵਾਸੀਆਂ ਦੀ ਸਿਹਤ ਤੇ ਸੁਰੱਖਿਆ ਨਾਲ ਕੋਈ ਸਮਝੌਤਾ ਨਾ ਹੋਵੇ।

ਉਪ ਖਜ਼ਾਨਾ ਦਫਤਰਾਂ ਵਿੱਚ ਲਗਾਇਆ ਜਾਵੇਗਾ ਪੈਨਸ਼ਨਰ ਸੇਵਾ ਮੇਲਾ

ਗੁਰਦਾਸਪੁਰ, 18 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਵਿੱਤ ਵਿਭਾਗ ਖਜ਼ਾਨਾ ਤੇ ਲੇਖਾ ਸ਼ਾਖਾ ਦੀਆਂ ਹਦਾਇਤਾਂ ਅਨੁਸਾਰ ਪੈਨਸ਼ਨਰ ਅਤੇ ਫੈਮਿਲੀ ਪੈਨਸ਼ਨਰਾਂ ਦੀਆਂ ਸੁਵਿਧਾ ਲਈ ਜ਼ਿਲ੍ਹਾ ਖਜ਼ਾਨਾ ਦਫਤਰ ਗੁਰਦਾਸਪੁਰ ਅਤੇ ਇਸ ਅਧੀਨ ਆਉਂਦੇ ਉੱਪ ਖਜ਼ਾਨਾ ਦਫਤਰ(ਬਟਾਲਾ/ਕਾਦੀਆਂ/ ਡੇਰਾ ਬਾਬਾ ਨਾਨਕ/ਪਠਾਨਕੋਟ/ ਜੁਗਿਆਲ/ਨਰੋਟ ਜ਼ੈਮਲ ਸਿੰਘ) ਵਿਖੇ ਵਿਸ਼ੇਸ਼ ਪੈਨਸ਼ਨਰ ਸੇਵਾ ਮੇਲਾ ਲਗਾਇਆ ਜਾ ਰਿਹਾ ਹੈ।

ਜ਼ਿਲ੍ਹਾ ਖਜ਼ਾਨਾ ਅਫਸਰ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਰਾਜ ਸਰਕਾਰ ਵੱਲੋ ਪੈਨਸ਼ਨਰਾਂ ਦੀ ਸਹੂਲਤ ਲਈ ਪੈਨਸ਼ਨਰ ਸੇਵਾ ਪੋਰਟਲ ਲਾਗੂ ਕੀਤਾ ਗਿਆ ਹੈ। ਜਿਸ ਨਾਲ ਜੀਵਨ ਪ੍ਰਮਾਣ ਪੱਤਰ (ਜੇਪੀਪੀ) ਦੀ ਇੰਟੀਗ੍ਰੇਸ਼ਨ ਮੁਕੰਮਲ ਹੋ ਚੁੱਕੀ ਹੈ।

ਵਿਭਾਗ ਦੀਆਂ ਹਦਾਇਤਾਂ ਅਨੁਸਾਰ ਹਰ ਪੈਨਸ਼ਨਰ ਲਈ 31 ਦਸੰਬਰ ਤੱਕ ਡਿਜ਼ੀਟਲ ਲਾਈਫ ਸਰਟੀਫਿਕੇਟ ਅਪਲੋਡ ਕਰਨ ਦੇ ਨਾਲ-ਨਾਲ EKYC ਕਰਵਾਉਣਾ ਲਾਜ਼ਮੀ ਹੈ। ਇਸ ਟੀਚੇ ਨੂੰ ਸਮੇਂ ਸਿਰ ਪੂਰਾ ਕਰਨ ਅਤੇ ਪੈਨਸ਼ਨਰਾਂ ਨੂੰ ਪੋਰਟਲ ਦੀਆਂ ਸੁਵਿਧਾਵਾਂ ਬਾਰੇ ਜਾਗਰੂਕ ਕਰਨ ਲਈ ਇਹ ਤਿੰਨ ਰੋਜ਼ਾ ਮੇਲਾ ਕਰਵਾਇਆ ਜਾ ਰਿਹਾ ਹੈ। ਮੇਲੇ ਦੌਰਾਨ ਖਜ਼ਾਨਾ ਦਫਤਰ ਦੇ ਕਰਮਚਾਰੀਆਂ ਦੇ ਨਾਲ-ਨਾਲ ਪੈਨਸ਼ਨ ਡਿਸਬਰਸਿੰਗ ਅਥਾਰਟੀ ਬੈਂਕ ਦੇ ਨੁਮਾਇੰਦੇ ਵੀ ਲੈਪਟਾਪ/ਬਾਇਓਮੈਟ੍ਰਿਮ ਇਕਿਉਪਮੈਂਟਸ ਸਮੇਤ ਹਾਜ਼ਰ ਰਹਿਣਗੇ ਤਾਂ ਜੋ ਪੈਨਸ਼ਨਰ ਨੂੰ ਕਿਸੇ ਤਰਾਂ ਦੀ ਦਿੱਕਤ ਪੇਸ਼ ਨਾ ਆਵੇ।

ਮਾਈ ਭਾਰਤ ਗੁਰਦਾਸਪੁਰ ਵੱਲੋਂ ਐਕਸਲਸੀਅਰ ਪਬਲਿਕ ਸਕੂਲ, ਬਟਾਲਾ ਵਿਖੇ ਨਸ਼ਾ ਮੁਕਤ ਯੁਵਾ ਫਾਰ ਵਿਕਸਿਤ ਭਾਰਤ ਵਿਸ਼ੇ 'ਤੇ ਵਿਕਸਿਤ ਭਾਰਤ ਯੂਥ ਪਾਰਲੀਮੈਂਟ



ਬਟਾਲਾ, 18 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਯੁਵਾ ਮਾਮਲੇ ਅਤੇ ਖੇਡ ਮੰਤਰਾਲਾ, ਭਾਰਤ ਸਰਕਾਰ ਦੇ ਅਧੀਨ ਮਾਈ ਭਾਰਤ (MY Bharat), ਗੁਰਦਾਸਪੁਰ ਵੱਲੋਂ ਐਕਸਲਸੀਅਰ ਪਬਲਿਕ ਸਕੂਲ, ਬਟਾਲਾ ਵਿਖੇ ਜ਼ਿਲ੍ਹਾ ਪੱਧਰੀ ਵਿਕਸਿਤ ਭਾਰਤ ਯੂਥ ਪਾਰਲੀਮੈਂਟ (VBYP) ਸਫਲਤਾਪੂਰਵਕ ਕਰਵਾਈ ਗਈ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨਾ ਅਤੇ ਨਸ਼ਾ ਮੁਕਤ ਤੇ ਵਿਕਸਿਤ ਭਾਰਤ ਦੀ ਸਿਰਜਣਾ ਵਿੱਚ ਉਨ੍ਹਾਂ ਦੀ ਸਰਗਰਮ ਭਾਗੀਦਾਰੀ ਨੂੰ ਉਤਸ਼ਾਹਿਤ ਕਰਨਾ ਸੀ।

ਇਸ ਮੌਕੇ ਜੰਮੂ-ਕਸ਼ਮੀਰ ਦੇ ਕਿਸ਼ਤਵਾੜ ਤੋਂ ਮਾਨਯੋਗ ਵਿਧਾਇਕਾ, ਭਾਰਤੀ ਜਨਤਾ ਯੁਵਾ ਮੋਰਚਾ ਦੀ ਰਾਸ਼ਟਰੀ ਉਪ ਪ੍ਰਧਾਨ ਅਤੇ ਜੰਮੂ-ਕਸ਼ਮੀਰ ਦੀ ਪ੍ਰਸਿੱਧ ਯੁਵਾ ਪ੍ਰੇਰਣਾ ਸਰੋਤ ਸੁਸ਼ਰੀ ਸ਼ਗੁਨ ਪਰਿਹਾਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਆਪਣੇ ਸੰਬੋਧਨ ਦੌਰਾਨ ਮੁੱਖ ਮਹਿਮਾਨ ਨੇ ਨੌਜਵਾਨ ਭਾਗੀਦਾਰਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਸਿਹਤਮੰਦ ਅਤੇ ਅਨੁਸ਼ਾਸਿਤ ਜੀਵਨ ਸ਼ੈਲੀ ਅਪਣਾਉਣ ਅਤੇ ਦੇਸ਼ ਦੇ ਨਿਰਮਾਣ ਵਿੱਚ ਉਸਾਰੂ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਨੌਜਵਾਨ ਦੇਸ਼ ਦੀ ਰੀੜ੍ਹ ਦੀ ਹੱਡੀ ਹਨ ਅਤੇ ਵਿਕਸਿਤ ਭਾਰਤ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਉਨ੍ਹਾਂ ਦੀ ਊਰਜਾ, ਦ੍ਰਿੜ੍ਹ ਇਰਾਦਾ ਅਤੇ ਵਚਨਬੱਧਤਾ ਬਹੁਤ ਜ਼ਰੂਰੀ ਹੈ।

ਯੂਥ ਪਾਰਲੀਮੈਂਟ ਨੇ ਨੌਜਵਾਨ ਭਾਗੀਦਾਰਾਂ ਨੂੰ ਆਪਣੇ ਵਿਚਾਰ ਪ੍ਰਗਟ ਕਰਨ, ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਨ ਅਤੇ ਨਸ਼ਿਆਂ ਦੀ ਸਮੱਸਿਆ ਕਾਰਨ ਪੈਦਾ ਹੋਣ ਵਾਲੀਆਂ ਚੁਣੌਤੀਆਂ 'ਤੇ ਵਿਚਾਰ-ਵਟਾਂਦਰਾ ਕਰਨ ਲਈ ਇੱਕ ਮਹੱਤਵਪੂਰਨ ਮੰਚ ਪ੍ਰਦਾਨ ਕੀਤਾ। ਭਾਗੀਦਾਰਾਂ ਨੇ ਸਮਾਜ ਨੂੰ ਨਸ਼ਾ ਮੁਕਤ ਬਣਾਉਣ ਲਈ ਜਾਗਰੂਕਤਾ, ਸਿੱਖਿਆ, ਭਾਈਚਾਰਕ ਸ਼ਮੂਲੀਅਤ ਅਤੇ ਸਾਂਝੇ ਯਤਨਾਂ ਦੀ ਮਹੱਤਤਾ ਬਾਰੇ ਆਪਣੇ ਵਿਚਾਰ ਪੇਸ਼ ਕੀਤੇ।

ਭਾਗੀਦਾਰਾਂ ਦੀਆਂ ਪੇਸ਼ਕਾਰੀਆਂ ਅਤੇ ਜਿਊਰੀ ਵੱਲੋਂ ਕੀਤੇ ਮੁਲਾਂਕਣ ਉਪਰੰਤ ਤਿੰਨ ਬਿਹਤਰੀਨ ਭਾਗੀਦਾਰਾਂ ਨੂੰ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਦਾਨ ਕੀਤਾ ਗਿਆ। ਚੁਣੇ ਗਏ ਤਿੰਨੇ ਭਾਗੀਦਾਰ ਨਿਰਧਾਰਤ ਦਿਸ਼ਾ-ਨਿਰਦੇਸ਼ਾਂ ਅਨੁਸਾਰ ਰਾਜ ਪੱਧਰੀ ਵਿਕਸਿਤ ਭਾਰਤ ਯੂਥ ਪਾਰਲੀਮੈਂਟ ਵਿੱਚ ਜ਼ਿਲ੍ਹੇ ਦੀ ਨੁਮਾਇੰਦਗੀ ਕਰਨਗੇ।

ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ, ਨੌਜਵਾਨ ਨੁਮਾਇੰਦਿਆਂ, ਅਧਿਆਪਕਾਂ ਅਤੇ ਹੋਰ ਪਤਵੰਤੇ ਸੱਜਣਾਂ ਨੇ ਉਤਸ਼ਾਹ ਨਾਲ ਭਾਗ ਲਿਆ। ਪ੍ਰੋਗਰਾਮ ਦੀ ਸਮਾਪਤੀ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਦ੍ਰਿੜ੍ਹ ਸੰਕਲਪ ਲੈਣ ਅਤੇ ਨਸ਼ਾ ਮੁਕਤ ਭਾਰਤ ਮੁਹਿੰਮ ਦੇ ਜਾਗਰੂਕਤਾ ਦੂਤ ਬਣ ਕੇ ਸਮਾਜ ਵਿੱਚ ਸਕਾਰਾਤਮਕ ਤਬਦੀਲੀ ਲਿਆਉਣ ਦੀ ਸਾਂਝੀ ਅਪੀਲ ਨਾਲ ਹੋਈ।

ਪੰਜਾਬ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦਾ 650ਵਾਂ ਪ੍ਰਕਾਸ਼ ਪੁਰਬ ਸ਼ਰਧਾ, ਸਤਿਕਾਰ ਅਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਜਾਵੇਗਾ: ਮੁੱਖ ਮੰਤਰੀ

**➢ ਖੁਰਾਲਗੜ੍ਹ ਵਿਖੇ 4 ਤੋਂ 6 ਦਸੰਬਰ ਤੱਕ ਹੋਣਗੇ ਤਿੰਨ ਰੋਜ਼ਾ ਵਿਸ਼ਾਲ ਸਮਾਗਮ, ਵਾਰਾਣਸੀ, ਫਰੀਦਕੋਟ, ਬਠਿੰਡਾ ਅਤੇ ਜੰਮੂ ਤੋਂ ਸਜਾਈਆਂ ਜਾਣਗੀਆਂ ਚਾਰ ਸ਼ੋਭਾ ਯਾਤਰਾਵਾਂ, ਜੋ 3 ਦਸੰਬਰ ਨੂੰ ਖੁਰਾਲਗੜ



ਹਰਿਆਣਾ ਖ਼ਬਰਨਾਮਾ



ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕੀਤੀ ਸ਼ਹਿਰੀ ਸਵਾਮਿਤਵ ਯੋਜਨਾ ਦੀ ਸਮੀਖਿਆ

ਸ਼ਹਿਰੀ ਸਵਾਮਿਤਵ ਯੋਜਨਾ ਤਹਿਤ ਦੁਕਾਨਾਂ ਦੇ ਮਾਲਕਾਨਾ ਹੱਕ ਦੇ ਲੰਬਿਤ ਮਾਮਲਿਆਂ ਦਾ ਇੱਕ ਮਹੀਨੇ ਵਿੱਚ ਨਿਪਟਾਰਾ ਕਰਨ ਦੇ ਦਿੱਤੇ ਸਪੱਸ਼ਟ ਨਿਰਦੇਸ਼



ਚੰਡੀਗੜ੍ਹ 18 ਨਵੰਬਰ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਅਧਿਕਾਰੀਆਂ ਨੂੰ ਸਪੱਸ਼ਟ ਨਿਰਦੇਸ਼ ਦਿੱਤੇ ਕਿ ਸ਼ਹਿਰੀ ਸਵਾਮਿਤਵ ਯੋਜਨਾ 1.0 ਅਤੇ ਸ਼ਹਿਰੀ ਸਵਾਮਿਤਵ ਯੋਜਨਾ 2.0 ਤਹਿਤ ਦੁਕਾਨਦਾਰਾਂ ਨੂੰ ਮਾਲਕਾਨਾ ਹੱਕ ਪ੍ਰਦਾਨ ਕਰਨ ਨਾਲ ਸਬੰਧਤ ਸਾਰੇ ਲੰਬਿਤ ਮਾਮਲਿਆਂ ਦਾ ਇੱਕ ਮਹੀਨੇ ਦੇ ਅੰਦਰ ਨਿਪਟਾਰਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਯੋਗ ਦੁਕਾਨਦਾਰਾਂ ਨੂੰ ਉਨ੍ਹਾਂ ਦੀਆਂ ਦੁਕਾਨਾਂ ਦਾ ਮਾਲਕਾਨਾ ਹੱਕ ਦੇਣ ਵਿੱਚ ਕਿਸੇ ਕਿਸਮ ਦੀ ਬੇਲੋੜੀ ਦੇਰੀ ਨਹੀਂ ਹੋਣੀ ਚਾਹੀਦੀ। ਇਸ ਦੇ ਲਈ ਸਬੰਧਤ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਲੰਬਿਤ ਮਾਮਲਿਆਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਨ।

ਮੁੱਖ ਮੰਤਰੀ ਮੰਗਲਵਾਰ ਨੂੰ ਚੰਡੀਗੜ੍ਹ ਵਿੱਚ ਸਵਾਮਿਤਵ ਯੋਜਨਾ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਮੀਟਿੰਗ ਵਿੱਚ ਸ਼ਹਿਰੀ ਸਥਾਨਕ ਸਰਕਾਰ ਵਿਭਾਗ, ਮਾਲ ਵਿਭਾਗ, ਵਿਕਾਸ ਅਤੇ ਪੰਚਾਇਤ ਵਿਭਾਗ, ਲੋਕ ਨਿਰਮਾਣ ਵਿਭਾਗ, ਸਿੱਖਿਆ ਵਿਭਾਗ ਅਤੇ ਹਰਿਆਣਾ ਸ਼ਹਿਰੀ ਵਿਕਾਸ ਅਥਾਰਟੀ ਨਾਲ ਸਬੰਧਤ ਲੰਬਿਤ ਮਾਮਲਿਆਂ ਦੀ ਵਿਸਤ੍ਰਿਤ ਸਮੀਖਿਆ ਕੀਤੀ ਗਈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਲੋਕ ਹਿੱਤ ਵਿੱਚ ਇਤਿਹਾਸਕ ਫੈਸਲਾ ਲੈਂਦਿਆਂ 20 ਸਾਲ ਤੋਂ ਵੱਧ ਸਮੇਂ ਤੋਂ ਕਿਰਾਏ, ਲੀਜ਼ ਜਾਂ ਲਾਇਸੈਂਸ ਫੀਸ ਦੇ ਆਧਾਰ 'ਤੇ ਚੱਲ ਰਹੀਆਂ ਨਗਰ ਨਿਗਮਾਂ/ਨਿਕਾਏ ਦੀਆਂ ਦੁਕਾਨਾਂ ਦਾ ਮਾਲਕਾਨਾ ਹੱਕ ਉਨ੍ਹਾਂ 'ਤੇ ਕਾਬਜ਼ ਯੋਗ ਵਿਅਕਤੀਆਂ ਨੂੰ ਦੇਣ ਦਾ ਫੈਸਲਾ ਲਿਆ ਸੀ। ਇਸੇ ਉਦੇਸ਼ ਨਾਲ ਮੁੱਖ ਮੰਤਰੀ ਸ਼ਹਿਰੀ ਸਵਾਮਿਤਵ ਯੋਜਨਾ ਸ਼ੁਰੂ ਕੀਤੀ ਗਈ ਸੀ, ਤਾਂ ਜੋ ਸਾਲਾਂ ਤੋਂ ਦੁਕਾਨਾਂ ਚਲਾ ਰਹੇ ਲੋਕਾਂ ਨੂੰ ਉਨ੍ਹਾਂ ਦੀ ਜਾਇਦਾਦ ਦਾ ਕਾਨੂੰਨੀ ਅਧਿਕਾਰ ਮਿਲ ਸਕੇ ਅਤੇ ਉਹ ਸਤਿਕਾਰ ਤੇ ਆਤਮ-ਵਿਸ਼ਵਾਸ ਨਾਲ ਆਪਣਾ ਕਾਰੋਬਾਰ ਕਰ ਸਕਣ।

ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀ ਤਰਜੀਹ ਆਮ ਨਾਗਰਿਕਾਂ ਨੂੰ ਉਨ੍ਹਾਂ ਦੀ ਜਾਇਦਾਦ ਦਾ ਪੂਰਾ, ਜਾਇਜ਼ ਅਤੇ ਨਿਰਵਿਵਾਦ ਮਾਲਕਾਨਾ ਅਧਿਕਾਰ ਦਿਵਾਉਣਾ ਹੈ। ਮਾਲਕਾਨਾ ਅਧਿਕਾਰ ਮਿਲਣ ਨਾਲ ਦੁਕਾਨਦਾਰਾਂ ਨੂੰ ਨਾ ਸਿਰਫ਼ ਸਥਿਰਤਾ ਮਿਲੇਗੀ, ਸਗੋਂ ਉਹ ਆਪਣੀ ਜਾਇਦਾਦ ਦੀ ਬਿਹਤਰ ਵਰਤੋਂ ਵੀ ਕਰ ਸਕਣਗੇ। ਸਰਕਾਰ ਦੀ ਮਨਸ਼ਾ ਹੈ ਕਿ ਯੋਗ ਲਾਭਪਾਤਰੀਆਂ ਨੂੰ ਯੋਜਨਾਵਾਂ ਦਾ ਲਾਭ ਸਮਾਂਬੱਧ ਤਰੀਕੇ ਨਾਲ ਮਿਲੇ ਅਤੇ ਕਿਸੇ ਵੀ ਵਿਅਕਤੀ ਨੂੰ ਵਿਭਾਗੀ ਪ੍ਰਕਿਰਿਆਵਾਂ ਕਾਰਨ ਬੇਲੋੜੀ ਪ੍ਰੇਸ਼ਾਨੀ ਨਾ ਝੱਲਣੀ ਪਵੇ।

ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਜਿਨ੍ਹਾਂ ਮਾਮਲਿਆਂ ਵਿੱਚ ਵੱਖ-ਵੱਖ ਵਿਭਾਗਾਂ ਦੀ ਇਤਰਾਜ਼ਹੀਣਤਾ, ਦਸਤਾਵੇਜ਼ਾਂ ਦੀ ਤਸਦੀਕ ਜਾਂ ਹੋਰ ਰਸਮੀ ਕਾਰਵਾਈਆਂ ਕਾਰਨ ਕੰਮ ਲੰਬਿਤ ਹੈ, ਉਨ੍ਹਾਂ ਦਾ ਆਪਸੀ ਤਾਲਮੇਲ ਨਾਲ ਜਲਦ ਹੱਲ ਕੀਤਾ ਜਾਵੇ। ਉਨ੍ਹਾਂ ਸਪੱਸ਼ਟ ਕੀਤਾ ਕਿ ਨਿਰਧਾਰਤ ਇੱਕ ਮਹੀਨੇ ਦੀ ਸਮਾਂ-ਸੀਮਾ ਵਿੱਚ ਲੰਬਿਤ ਮਾਮਲਿਆਂ ਦਾ ਨਿਪਟਾਰਾ ਯਕੀਨੀ ਬਣਾਉਣ ਲਈ ਅਧਿਕਾਰੀ ਨਿੱਜੀ ਤੌਰ 'ਤੇ ਜ਼ਿੰਮੇਵਾਰੀ ਲੈ ਕੇ ਕੰਮ ਕਰਨ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪਾਰਦਰਸ਼ੀ, ਜਵਾਬਦੇਹ ਅਤੇ ਲੋਕ-ਹਿਤੈਸ਼ੀ ਪ੍ਰਸ਼ਾਸਨ ਦੇਣ ਲਈ ਵਚਨਬੱਧ ਹੈ। ਯੋਜਨਾਵਾਂ ਦਾ ਅਸਲ ਲਾਭ ਯੋਗ ਲੋਕਾਂ ਤੱਕ ਪਹੁੰਚਾਉਣਾ ਹੀ ਸਰਕਾਰ ਦੀ ਕਾਰਜਸ਼ੈਲੀ ਦਾ ਮੂਲ ਆਧਾਰ ਹੈ।

ਮੀਟਿੰਗ ਵਿੱਚ ਅਧਿਕਾਰੀਆਂ ਨੇ ਜਾਣੂ ਕਰਵਾਇਆ ਕਿ ਸ਼ਹਿਰੀ ਸਵਾਮਿਤਵ ਯੋਜਨਾ 1.0 ਤਹਿਤ ਹੁਣ ਤੱਕ ਕੁੱਲ 13,601 ਅਰਜ਼ੀਆਂ ਪ੍ਰਾਪਤ ਹੋਈਆਂ ਹਨ, ਜਿਨ੍ਹਾਂ ਵਿੱਚੋਂ 7,224 ਅਰਜ਼ੀਆਂ ਨੂੰ ਪ੍ਰਵਾਨਗੀ ਦਿੱਤੀ ਜਾ ਚੁੱਕੀ ਹੈ, ਜਦਕਿ 47 ਮਾਮਲੇ ਲੰਬਿਤ ਹਨ। ਇਸੇ ਤਰ੍ਹਾਂ, ਸ਼ਹਿਰੀ ਸਵਾਮਿਤਵ ਯੋਜਨਾ 2.0 ਤਹਿਤ ਕੁੱਲ 1,781 ਅਰਜ਼ੀਆਂ ਪ੍ਰਾਪਤ ਹੋਈਆਂ ਹਨ, ਜਿਨ੍ਹਾਂ ਵਿੱਚੋਂ 311 ਮਾਮਲਿਆਂ ਵਿੱਚ ਰਜਿਸਟਰੀ ਦੀ ਪ੍ਰਕਿਰਿਆ ਪੂਰੀ ਕੀਤੀ ਜਾ ਚੁੱਕੀ ਹੈ।

ਮੀਟਿੰਗ ਵਿੱਚ ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ, ਮਾਲ ਅਤੇ ਆਫ਼ਤ ਪ੍ਰਬੰਧਨ ਵਿਭਾਗ ਦੀ ਵਧੀਕ ਮੁੱਖ ਸਕੱਤਰ ਅਤੇ ਵਿੱਤ ਕਮਿਸ਼ਨਰ ਡਾ. ਸੁਮਿਤਾ ਮਿਸ਼ਰਾ, ਲੋਕ ਨਿਰਮਾਣ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ਼੍ਰੀ ਏ.ਕੇ. ਸਿੰਘ, ਨਗਰ ਅਤੇ ਗ੍ਰਾਮ ਯੋਜਨਾ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ਼੍ਰੀ ਅਨੁਰਾਗ ਅਗਰਵਾਲ, ਸਿੱਖਿਆ ਵਿਭਾਗ ਦੇ ਪ੍ਰਮੁੱਖ ਸਕੱਤਰ ਸ਼੍ਰੀ ਵਿਜੇ ਦਹੀਆ, ਸ਼ਹਿਰੀ ਸਥਾਨਕ ਨਿਕਾਏ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ਼੍ਰੀ ਅਸ਼ੋਕ ਕੁਮਾਰ ਮੀਣਾ, ਮੁੱਖ ਮੰਤਰੀ ਦੇ ਉਪ ਪ੍ਰਮੁੱਖ ਸਕੱਤਰ ਡਾ. ਯਸ਼ ਪਾਲ, ਮੁੱਖ ਮੰਤਰੀ ਦੇ ਉਪ ਪ੍ਰਮੁੱਖ ਸਕੱਤਰ ਸ਼੍ਰੀ ਅਜੇ ਕੁਮਾਰ ਸਮੇਤ ਹੋਰ ਸੀਨੀਅਰ ਅਧਿਕਾਰੀ ਹਾਜ਼ਰ ਸਨ।

ਹਰਿਆਣਾ ਨੂੰ ਸਵੱਛ, ਹਰਿਆ-ਭਰਿਆ ਅਤੇ ਜਲਵਾਯੂ-ਸਮਰੱਥ ਬਣਾਉਣ ਦੀ ਦਿਸ਼ਾ ਵਿੱਚ ਸਰਕਾਰ ਦਾ ਵੱਡਾ ਕਦਮ, ਗ੍ਰੀਨ ਕਲਾਈਮੇਟ ਰੈਜ਼ੀਲੀਐਂਸ ਫੰਡ ਨਾਲ ਵਾਤਾਵਰਣ ਸੁਰੱਖਿਆ ਨੂੰ ਮਿਲੇਗੀ ਨਵੀਂ ਗਤੀ

ਚੰਡੀਗੜ੍ਹ, 18 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-



ਹਰਿਆਣਾ ਨੂੰ ਸਵੱਛ, ਹਰਿਆ-ਭਰਿਆ ਅਤੇ ਜਲਵਾਯੂ ਪਰਿਵਰਤਨ ਦੀਆਂ ਚੁਣੌਤੀਆਂ ਨਾਲ ਨਜਿੱਠਣ ਦੇ ਸਮਰੱਥ ਬਣਾਉਣ ਲਈ ਸੂਬਾ ਸਰਕਾਰ ਨੇ 100 ਕਰੋੜ ਰੁਪਏ ਦੇ ਸੀਡ ਫੰਡ ਨਾਲ ਇੱਕ ਅਭਿਲਾਸ਼ੀ ਪਹਿਲਕਦਮੀ ਦੀ ਸ਼ੁਰੂਆਤ ਕੀਤੀ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਬੁੱਧਵਾਰ ਨੂੰ ਚੰਡੀਗੜ੍ਹ ਵਿਖੇ ਹਰਿਆਣਾ ਗ੍ਰੀਨ ਕਲਾਈਮੇਟ ਰੈਜ਼ੀਲੀਐਂਸ ਫੰਡ ਦੇ ਪ੍ਰਭਾਵਸ਼ਾਲੀ ਲਾਗੂਕਰਨ ਅਤੇ ਇਸ ਦੇ ਉਦੇਸ਼ਾਂ ਨੂੰ ਲੈ ਕੇ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਵਿੱਚ ਵਾਤਾਵਰਣ, ਜੰਗਲਾਤ ਅਤੇ ਜੰਗਲੀ ਜੀਵ ਮੰਤਰੀ ਰਾਓ ਨਰਬੀਰ ਸਿੰਘ ਵੀ ਮੌਜੂਦ ਰਹੇ। ਇਨ੍ਹਾਂ ਤੋਂ ਇਲਾਵਾ, ਵਾਤਾਵਰਣ ਅਤੇ ਵਿਸ਼ੇਸ਼ ਤੌਰ 'ਤੇ ਗ੍ਰੀਨ ਇਕੌਨਮੀ ਦੇ ਖੇਤਰ ਵਿੱਚ ਕੰਮ ਕਰਨ ਵਾਲੀਆਂ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਸੰਸਥਾਵਾਂ ਅਤੇ ਕੰਪਨੀਆਂ ਦੇ ਨੁਮਾਇੰਦਿਆਂ ਨੇ ਵੀ ਮੀਟਿੰਗ ਵਿੱਚ ਹਿੱਸਾ ਲਿਆ।

ਮੀਟਿੰਗ ਵਿੱਚ ਵਾਤਾਵਰਣ ਸੁਰੱਖਿਆ, ਹਰੀ ਅਰਥਵਿਵਸਥਾ ਨੂੰ ਉਤਸ਼ਾਹਿਤ ਕਰਨ ਅਤੇ ਜਲਵਾਯੂ ਪਰਿਵਰਤਨ ਦੀਆਂ ਚੁਣੌਤੀਆਂ ਨਾਲ ਨਜਿੱਠਣ ਦੇ ਉਦੇਸ਼ ਨਾਲ ਵੱਖ-ਵੱਖ ਖੇਤਰਾਂ ਵਿੱਚ ਲਾਗੂ ਕੀਤੇ ਜਾਣ ਵਾਲੇ ਪ੍ਰੋਜੈਕਟਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।

ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਸਰਕਾਰ ਸੂਬੇ ਵਿੱਚ ਹਰੀ ਅਰਥਵਿਵਸਥਾ ਨੂੰ ਉਤਸ਼ਾਹਿਤ ਕਰਨ, ਕੁਦਰਤੀ ਸਰੋਤਾਂ ਦੀ ਸੰਭਾਲ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਸਵੱਛ ਅਤੇ ਸੁਰੱਖਿਅਤ ਵਾਤਾਵਰਣ ਯਕੀਨੀ ਬਣਾਉਣ ਲਈ ਵਚਨਬੱਧ ਹੈ। ਇਸੇ ਉਦੇਸ਼ ਨਾਲ ਵਿੱਤੀ ਸਾਲ 2026-27 ਦੇ ਬਜਟ ਵਿੱਚ ਹਰਿਆਣਾ ਨੂੰ ਸਾਲ 2070 ਤੱਕ ਨੈੱਟ-ਜ਼ੀਰੋ ਨਿਕਾਸੀ ਦੇ ਰਾਸ਼ਟਰੀ ਟੀਚੇ ਦੇ ਅਨੁਕੂਲ ਵਿਕਸਤ ਕਰਨ ਦੀ ਵਚਨਬੱਧਤਾ ਪ੍ਰਗਟ ਕਰਦੇ ਹੋਏ ਇਸ ਫੰਡ ਦੀ ਸਥਾਪਨਾ ਦਾ ਪ੍ਰਸਤਾਵ ਰੱਖਿਆ ਗਿਆ ਸੀ। ਇਸ ਦਾ ਮਕਸਦ ਸੂਬੇ ਵਿੱਚ ਜਲਵਾਯੂ ਪਰਿਵਰਤਨ ਦੇ ਪ੍ਰਭਾਵਾਂ ਨੂੰ ਘੱਟ ਕਰਨਾ, ਵਾਤਾਵਰਣ ਸੁਰੱਖਿਆ ਨੂੰ ਉਤਸ਼ਾਹਿਤ ਕਰਨਾ ਅਤੇ ਵਿਕਾਸ ਨੂੰ ਵਾਤਾਵਰਣ ਦੇ ਅਨੁਕੂਲ ਬਣਾਉਣਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਚਾਰ ਮੁੱਖ ਕ੍ਰਿਟੀਕਲ ਖੇਤਰਾਂ ਦੀ ਪਛਾਣ ਕੀਤੀ ਹੈ। ਇਨ੍ਹਾਂ ਵਿੱਚ ਇਲੈਕਟ੍ਰਿਕ ਮੋਬਿਲਿਟੀ ਅਤੇ ਚਾਰਜਿੰਗ ਬੁਨਿਆਦੀ ਢਾਂਚਾ, ਨਵਿਆਉਣਯੋਗ ਊਰਜਾ ਅਤੇ ਊਰਜਾ ਕੁਸ਼ਲਤਾ, ਸਰਕੂਲਰ ਇਕੌਨਮੀ ਅਤੇ ਕੁਦਰਤ-ਅਧਾਰਤ ਹੱਲ ਸ਼ਾਮਲ ਹਨ। ਇਨ੍ਹਾਂ ਖੇਤਰਾਂ ਤਹਿਤ ਅਜਿਹੇ ਪ੍ਰੋਜੈਕਟਾਂ ਨੂੰ ਉਤਸ਼ਾਹਿਤ ਕੀਤਾ ਜਾਵੇਗਾ, ਜੋ ਵਾਤਾਵਰਣ ਸੁਰੱਖਿਆ ਦੇ ਨਾਲ-ਨਾਲ ਸੂਬੇ ਦੇ ਟਿਕਾਊ ਵਿਕਾਸ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਉਣ।

ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਹਰਿਆਣਾ ਗ੍ਰੀਨ ਕਲਾਈਮੇਟ ਰੈਜ਼ੀਲੀਐਂਸ ਫੰਡ ਤਹਿਤ ਅਜਿਹੇ ਪ੍ਰੋਜੈਕਟਾਂ ਨੂੰ ਤਰਜੀਹ ਦਿੱਤੀ ਜਾਵੇ, ਜਿਨ੍ਹਾਂ ਦਾ ਵਾਤਾਵਰਣ ਸੁਰੱਖਿਆ ਅਤੇ ਜਲਵਾਯੂ ਪਰਿਵਰਤਨ ਦੇ ਪ੍ਰਭਾਵਾਂ ਨੂੰ ਘੱਟ ਕਰਨ ਵਿੱਚ ਸਿੱਧਾ ਅਤੇ ਲੰਬੇ ਸਮੇਂ ਦਾ ਲਾਭ ਹੋਵੇ। ਉਨ੍ਹਾਂ ਕਿਹਾ ਕਿ ਫੰਡ ਦੀ ਵਰਤੋਂ ਰਾਹੀਂ ਜ਼ਮੀਨੀ ਪੱਧਰ 'ਤੇ ਠੋਸ ਨਤੀਜੇ ਯਕੀਨੀ ਬਣਾਏ ਜਾਣ। ਨਾਲ ਹੀ, ਸਬੰਧਤ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਦੇ ਹੋਏ ਪ੍ਰੋਜੈਕਟਾਂ ਦੀ ਸਪੱਸ਼ਟ ਕਾਰਜ-ਯੋਜਨਾ ਤਿਆਰ ਕਰਨ ਅਤੇ ਉਨ੍ਹਾਂ ਦੇ ਲਾਗੂਕਰਨ ਦੀ ਨਿਯਮਤ ਸਮੀਖਿਆ ਯਕੀਨੀ ਬਣਾਉਣ ਦੇ ਵੀ ਨਿਰਦੇਸ਼ ਦਿੱਤੇ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਫੰਡ ਰਾਹੀਂ ਨਿੱਜੀ ਖੇਤਰ, ਰਾਸ਼ਟਰੀ ਅਤੇ ਅੰਤਰਰਾਸ਼ਟਰੀ ਸੰਸਥਾਵਾਂ ਅਤੇ ਗ੍ਰੀਨ ਇਕੌਨਮੀ ਨਾਲ ਜੁੜੇ ਸੰਗਠਨਾਂ ਦੀ ਭਾਗੀਦਾਰੀ ਨੂੰ ਵੀ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ, ਤਾਂ ਜੋ ਵਾਤਾਵਰਣ ਸੁਰੱਖਿਆ ਲਈ ਆਧੁਨਿਕ ਤਕਨੀਕ, ਨਵੀਨਤਾ ਅਤੇ ਨਿਵੇਸ਼ ਦਾ ਲਾਭ ਸੂਬੇ ਨੂੰ ਮਿਲ ਸਕੇ।

ਜ਼ੀਰੋ ਨਿਕਾਸੀ ਦੇ ਟੀਚੇ ਦੀ ਪ੍ਰਾਪਤੀ ਲਈ ਸਰਕਾਰ ਵਚਨਬੱਧ, ਕੁਦਰਤੀ ਖੇਤੀ ਅਤੇ ਪਰਾਲੀ ਪ੍ਰਬੰਧਨ ਨੂੰ ਦਿੱਤਾ ਜਾ ਰਿਹਾ ਉਤਸ਼ਾਹ

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਜ਼ੀਰੋ ਨਿਕਾਸੀ (ਨੈੱਟ-ਜ਼ੀਰੋ) ਦੇ ਟੀਚੇ ਨੂੰ ਪ੍ਰਾਪਤ ਕਰਨ ਦੀ ਦਿਸ਼ਾ ਵਿੱਚ ਵਿਆਪਕ ਪੱਧਰ 'ਤੇ ਕੰਮ ਕਰ ਰਹੀ ਹੈ। ਸਰਕਾਰ ਵੱਲੋਂ ਵਾਤਾਵਰਣ ਸੁਰੱਖਿਆ, ਕੁਦਰਤੀ ਸਰੋਤਾਂ ਦੇ ਵਾਧੇ ਅਤੇ ਟਿਕਾਊ ਖੇਤੀਬਾੜੀ ਪੱਧਤੀਆਂ ਨੂੰ ਉਤਸ਼ਾਹਿਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਕੁਦਰਤੀ ਖੇਤੀ ਨੂੰ ਲਗਾਤਾਰ ਉਤਸ਼ਾਹਿਤ ਕਰ ਰਹੀ ਹੈ ਅਤੇ ਕਿਸਾਨ ਕੁਦਰਤੀ ਖੇਤੀ ਅਪਣਾ ਰਹੇ ਹਨ। ਸਰਕਾਰ ਵੱਲੋਂ ਕੁਦਰਤੀ ਖੇਤੀ ਕਰਨ ਵਾਲੇ ਕਿਸਾਨਾਂ ਨੂੰ ਲੋੜੀਂਦਾ ਸਹਿਯੋਗ ਅਤੇ ਪ੍ਰੋਤਸਾਹਨ ਵੀ ਪ੍ਰਦਾਨ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ, ਸੂਬਾ ਸਰਕਾਰ ਪਰਾਲੀ ਪ੍ਰਬੰਧਨ 'ਤੇ ਵੀ ਵਿਸ਼ੇਸ਼ ਜ਼ੋਰ ਦੇ ਰਹੀ ਹੈ, ਤਾਂ ਜੋ ਕਿਸਾਨ ਪਰਾਲੀ ਸਾੜਨ ਦੀ ਬਜਾਏ ਉਸ ਦਾ ਉਚਿਤ ਪ੍ਰਬੰਧਨ ਕਰਨ। ਇਸ ਲਈ ਕਿਸਾਨਾਂ ਨੂੰ ਵੱਖ-ਵੱਖ ਯੋਜਨਾਵਾਂ ਰਾਹੀਂ ਪ੍ਰੋਤਸਾਹਨ ਦਿੱਤਾ ਜਾ ਰਿਹਾ ਹੈ।

ਅਸਾਮ ਅਤੇ ਹਰਿਆਣਾ ਦੇ ਅਨੁਸੂਚਿਤ ਜਾਤੀ ਵਿੱਤ ਅਤੇ ਵਿਕਾਸ ਨਿਗਮ ਕਰਨਗੇ ਆਪਸੀ ਸਹਿਯੋਗ ਅਤੇ ਤਾਲਮੇਲ

ਚੰਡੀਗੜ੍ਹ, 18 ਨਵੰਬਰ
-ਸੰਜੀਵ ਸ਼ਰਮਾ-

ਅਸਾਮ ਰਾਜ ਅਨੁਸੂਚਿਤ ਜਾਤੀ ਵਿੱਤ ਅਤੇ ਵਿਕਾਸ ਨਿਗਮ ਲਿਮਟਿਡ ਦੇ ਉਪ-ਚੇਅਰਮੈਨ ਸ਼੍ਰੀ ਸਿਮੰਤਾ ਦਾਸ ਅਤੇ ਡਾਇਰੈਕਟਰ ਬੋਰਡ ਦੇ ਮੈਂਬਰਾਂ ਨੇ ਅੱਜ ਹਰਿਆਣਾ ਅਨੁਸੂਚਿਤ ਜਾਤੀ ਵਿੱਤ ਅਤੇ ਵਿਕਾਸ ਨਿਗਮ ਦੇ ਹੈੱਡਕੁਆਰਟਰ ਦਾ ਦੌਰਾ ਕੀਤਾ।

ਇਸ ਮੌਕੇ ਹਰਿਆਣਾ ਅਨੁਸੂਚਿਤ ਜਾਤੀ ਵਿੱਤ ਅਤੇ ਵਿਕਾਸ ਨਿਗਮ ਦੇ ਚੇਅਰਮੈਨ ਸ਼੍ਰੀ ਬਲਦੇਵ ਸਿੰਘ ਗਰੋਹਾ, ਪ੍ਰਬੰਧ ਨਿਰਦੇਸ਼ਕ ਡਾ. ਵੰਦਨਾ ਦਿਸੋਦੀਆ ਅਤੇ ਨਿਗਮ ਦੇ ਹੋਰ ਅਧਿਕਾਰੀ ਵੀ ਹਾਜ਼ਰ ਰਹੇ।

ਇਸ ਦੌਰਾਨ ਦੋਵਾਂ ਨਿਗਮਾਂ ਦੇ ਨੁਮਾਇੰਦਿਆਂ ਵਿਚਕਾਰ ਅਨੁਸੂਚਿਤ ਜਾਤੀ ਵਰਗ ਦੇ ਯੋਗ ਲਾਭਪਾਤਰੀਆਂ ਦੇ ਆਰਥਿਕ ਅਤੇ ਸਮਾਜਿਕ ਉਥਾਨ ਦੇ ਉਦੇਸ਼ ਨਾਲ ਚਲਾਈਆਂ ਜਾ ਰਹੀਆਂ ਵੱਖ-ਵੱਖ ਕਰਜ਼ਾ ਯੋਜਨਾਵਾਂ ਦੇ ਸੰਚਾਲਨ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਨੂੰ ਲੈ ਕੇ ਵਿਸਤ੍ਰਿਤ ਵਿਚਾਰ-ਵਟਾਂਦਰਾ ਕੀਤਾ ਗਿਆ।

ਮੀਟਿੰਗ ਵਿੱਚ ਸਵੈ-ਰੁਜ਼ਗਾਰ, ਉੱਦਮਤਾ ਵਿਕਾਸ ਅਤੇ ਨਵੇਂ ਕਾਰੋਬਾਰ ਸਥਾਪਤ ਕਰਨ ਲਈ ਵਿੱਤੀ ਸਹਾਇਤਾ ਉਪਲਬਧ ਕਰਵਾਉਣ ਦੇ ਵੱਖ-ਵੱਖ ਉਪਾਵਾਂ 'ਤੇ ਵੀ ਚਰਚਾ ਹੋਈ।

ਇਸ ਤੋਂ ਇਲਾਵਾ, ਕਰਜ਼ਾ ਵੰਡ ਪ੍ਰਕਿਰਿਆ ਨੂੰ ਵਧੇਰੇ ਪ੍ਰਭਾਵਸ਼ਾਲੀ ਬਣਾਉਣ, ਯੋਜਨਾਵਾਂ ਦਾ ਲਾਭ ਯੋਗ ਲਾਭਪਾਤਰੀਆਂ ਤੱਕ ਪਹੁੰਚਾਉਣ ਅਤੇ ਵੰਡੇ ਗਏ ਕਰਜ਼ਿਆਂ ਦੀ ਸਮਾਂਬੱਧ ਤੇ ਪ੍ਰਭਾਵਸ਼ਾਲੀ ਵਸੂਲੀ ਯਕੀਨੀ ਬਣਾਉਣ ਲਈ ਅਪਣਾਈਆਂ ਜਾ ਸਕਣ ਵਾਲੀਆਂ ਰਣਨੀਤੀਆਂ 'ਤੇ ਵੀ ਦੋਵਾਂ ਧਿਰਾਂ ਨੇ ਆਪਣੇ ਤਜਰਬੇ ਸਾਂਝੇ ਕੀਤੇ।

ਦੋਵਾਂ ਨਿਗਮਾਂ ਦੇ ਨੁਮਾਇੰਦਿਆਂ ਨੇ ਇੱਕ-ਦੂਜੇ ਦੀਆਂ ਯੋਜਨਾਵਾਂ, ਕਾਰਜਪ੍ਰਣਾਲੀ ਅਤੇ ਸਫਲ ਉਪਰਾਲਿਆਂ ਤੋਂ ਸਿੱਖਦਿਆਂ ਅਨੁਸੂਚਿ